ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ

# ਆਵਾਜ਼ਿ ਕੌਮ

www.awazeqaumtv.com

Also On

Visit on facebook

https://www.facebook.com/awazeqaumtv/videos/194899582124531/

Awaze Qaum

(ਯੂ. ਕੇ. ਤੋਂ ਪ੍ਰਕਾਸ਼ਿਤ)

International Daily Newspaper & WEB TV

https://youtu.be/LQwolgxDu7I

awazeqaumtvpunjab@gmail.com

ਸੋਮਵਾਰ, 22 ਸਤੰਬਰ 2025 (ਨਾਨਕਸ਼ਾਹੀ ਸੰਮਤ : ੫੫੭, ੭ ਅੱਸੂ) ਸੰਪਾਦਕ : ਰਘਵੀਰ ਸਿੰਘ ਵਾਲਸਾਲ ਯੂ.ਕੇ., ਸੰਪਰਕ : +447458381111,+447976210161,+919729091243




## ਪੰਜਾਬ 'ਚ ਵੱਡੀ ਵਾਰਦਾਤ ! 'ਆਪ' ਆਗੂ ਦੇ ਘਰ 'ਤੇ ਹਮਲਾ, ਚੱਲੀਆਂ ਗੋਲੀਆਂ

**ਲੁਧਿਆਣਾ, 21 ਸਤੰਬਰ (ਆਵਾਜ਼ਿ ਕੌਮ ਬਿਊਰੋ)**-ਲੁਧਿਆਣਾ ਵਿਖੇ ਪਿੰਡ ਲਹਿਰਾ 'ਚ ਬੀਤੀ ਦੇਰ ਰਾਤ ਉਸ ਸਮੇਂ ਦਹਿਸ਼ਤ ਫੈਲ ਗਈ ਜਦੋਂ ਹਥਿਆਰਬੰਦ ਹਮਲਾਵਰਾਂ ਨੇ ਟਰੱਕ ਯੂਨੀਅਨ ਦੇ ਪ੍ਰਧਾਨ ਅਤੇ ਆਮ ਆਦਮੀ ਪਾਰਟੀ (ਆਪ) ਟਰਾਂਸਪੋਰਟ ਵਿੰਗ ਗਿੱਲ ਹਲਕੇ ਦੇ ਕੋ-ਆਰਡੀਨੇਟਰ ਸੁਖਵਿੰਦਰ ਸਿੰਘ ਉਰਫ਼ ਸ਼ਿੰਦਾ ਦੇ ਘਰ 'ਤੇ ਹਮਲਾ ਕਰ ਦਿੱਤਾ। ਹਮਲਾਵਰਾਂ ਨੇ ਸ਼ਿੰਦਾ ਦੀ ਮਾਰੂਤੀ ਸੁਜ਼ੂਕੀ ਸਵਿੱਫਟ ਡਿਜ਼ਾਇਰ ਕਾਰ, ਜੋਕਿ ਵਰਾਂਡੇ ਵਿੱਚ ਖੜ੍ਹੀ ਸੀ, ਉਸ 'ਤੇ ਪੈਟਰੋਲ ਛਿੜਕਿਆ ਅਤੇ ਅੱਗ ਲਗਾ ਦਿੱਤੀ। ਜਿਵੇਂ ਹੀ ਸ਼ਿੰਦਾ ਰੌਲਾ ਸੁਣ ਕੇ ਘਰੋਂ ਬਾਹਰ ਆਇਆ ਤਾਂ ਮਲਾਵਰਾਂ ਨੇ ਉਸ 'ਤੇ ਲਗਭਗ 6 ਗੋਲ਼ੀਆਂ ਚਲਾਈਆਂ। ਖ਼ੁਸ਼ਿਕਸਮਤੀ ਨਾਲ ਉਹ ਸੁਰੱਖਿਅਤ ਬਚ ਗਿਆ। ਘਰ ਵਿੱਚ ਲੱਗੇ ਸੀ. ਸੀ. ਟੀ. ਵੀ. ਕੈਮਰਿਆਂ ਤੋਂ ਪਤਾ ਲੱਗਾ ਹੈ ਕਿ ਪੰਜ ਹਮਲਾਵਰਾਂ ਨੇ ਹਮਲਾ ਕੀਤਾ। ਹਮਲਾਵਰ ਇਕ ਵ੍ਹਾਈਟ ਕਾਰ ਵਿੱਚ ਆਏ ਸਨ। ਤਿੰਨ ਗੇਟ ਟੱਪ ਕੇ ਘਰ ਵਿੱਚ ਦਾਖ਼ਲ ਹੋਏ ਜਦਕਿ ਦੋ ਬਾਹਰ ਕਾਰ ਵਿੱਚ ਬੈਠੇ ਰਹੇ। ਸ਼ਿੰਦਾ ਨੇ ਦੋਸ਼ ਲਗਾਇਆ ਕਿ ਇਹ ਹਮਲਾ ਡਰੱਗ ਮਾਫ਼ੀਆ ਦੀ ਰੰਜਿਸ਼ ਦਾ ਨਤੀਜਾ ਹੈ। ਉਨ੍ਹਾਂ ਦੇ ਅਨੁਸਾਰ ਹਥਿਆਰਬੰਦ ਮੁਲਜ਼ਮਾਂ ਵਿੱਚੋਂ ਇਕ ਦੀ ਪਛਾਣ ਕੁਲਦੀਪ ਸਿੰਘ ਉਰਫ਼ ਕੁਲਦੀਪ ਮਾਣਕ ਵਜੋਂ ਹੋਈ ਹੈ, ਜੋਕਿ ਇਕ ਬਦਨਾਮ ਡਰੱਗ ਤਸਕਰ ਹੈ। ਉਸ ਨੇ ਦੱਸਿਆ ਕਿ ਕੁਝ ਸਮਾਂ ਪਹਿਲਾਂ ਪੰਜਾਬ ਸਰਕਾਰ ਦੀ 'ਨਸ਼ਿਆਂ ਵਿਰੁੱਧ ਜੰਗ' ਮੁਹਿੰਮ ਦੇ ਸਮਰਥਨ ਵਿੱਚ ਉਸ ਨੇ ਕੁਲਦੀਪ ਦੇ ਇਕ ਸਾਥੀ ਨੂੰ ਗ੍ਰਿਫ਼ਤਾਰ ਕਰਨ ਵਿੱਚ ਪੁਲਸ ਦੀ ਮਦਦ ਕੀਤੀ ਸੀ।

## ਸਿੱਖ ਭਾਈਚਾਰੇ 'ਚ ਰੋਸ

# 70 ਸਾਲਾਂ 'ਚ ਪਹਿਲੀ ਵਾਰ ਲੱਗੀ ਨਨਕਾਣਾ ਸਾਹਿਬ ਯਾਤਰਾ 'ਤੇ ਰੋਕ !

**ਨਵੀਂ ਦਿੱਲੀ, 21 ਸਤੰਬਰ (ਆਵਾਜ਼ਿ ਕੌਮ ਬਿਊਰੋ)**-ਪਾਕਿਸਤਾਨ ਵਿੱਚ ਨਨਕਾਣਾ ਸਾਹਿਬ ਦੀ ਯਾਤਰਾ 'ਤੇ ਪਾਬੰਦੀ ਲਗਾਉਣ ਦੇ ਕੇਂਦਰ ਸਰਕਾਰ ਦੇ ਫੈਸਲੇ ਨੇ ਇੱਕ ਨਵਾਂ ਵਿਵਾਦ ਛੇੜ ਦਿੱਤਾ ਹੈ। ਸਿੱਖ ਸੰਗਠਨਾਂ ਨੇ ਡੂੰਘੀ ਨਾਰਾਜ਼ਗੀ ਪ੍ਰਗਟ ਕੀਤੀ ਹੈ, ਇਸਨੂੰ ਘੱਟ ਗਿਣਤੀਆਂ ਦੇ ਧਾਰਮਿਕ ਮਾਮਲਿਆਂ ਵਿੱਚ ਸਿੱਧਾ ਦਖਲ ਦੱਸਿਆ ਹੈ। ਉਨ੍ਹਾਂ ਦਾ ਕਹਿਣਾ ਹੈ ਕਿ ਪਿਛਲੇ 70 ਸਾਲਾਂ ਵਿੱਚ, ਇਸ ਯਾਤਰਾ ਨੂੰ ਕਦੇ ਵੀ ਨਹੀਂ ਰੋਕਿਆ ਗਿਆ, ਇੱਥੋਂ ਤੱਕ ਕਿ ਜੰਗ ਦੇ ਸਮੇਂ ਵੀ। ਇਹ ਪਹਿਲੀ ਵਾਰ ਹੈ ਜਦੋਂ ਸ਼ਰਧਾਲੂਆਂ ਨੂੰ ਗੁਰੂ ਨਾਨਕ ਦੇਵ ਜੀ ਦੇ ਜਨਮ ਸਥਾਨ 'ਤੇ ਜਾਣ ਤੋਂ ਰੋਕਿਆ ਜਾ ਰਿਹਾ ਹੈ, ਜਿਸ ਨਾਲ ਸਿੱਖ ਭਾਈਚਾਰੇ ਦੀਆਂ ਭਾਵਨਾਵਾਂ ਨੂੰ ਠੇਸ ਪਹੁੰਚੀ ਹੈ। ਕੇਂਦਰੀ ਸ੍ਰੀ ਗੁਰੂ ਸਿੰਘ ਸਭਾ ਨੇ ਸਰਕਾਰ ਦੇ ਇਸ ਇਕਪਾਸੜ ਫੈਸਲੇ ਨੂੰ ਅਸਵੀਕਾਰਯੋਗ ਦੱਸਿਆ ਹੈ। ਸਭਾ ਨੇ ਸਪੱਸ਼ਟ ਕੀਤਾ ਕਿ ਭਾਰਤ-ਪਾਕਿਸਤਾਨ ਵੰਡ ਦੇ ਸਮੇਂ ਤੋਂ ਹੀ ਦੋਵਾਂ ਦੇਸ਼ਾਂ ਵਿਚਕਾਰ ਇੱਕ ਸਮਝੌਤਾ ਸੀ, ਜਿਸ ਤਹਿਤ ਸਿੱਖ ਸ਼ਰਧਾਲੂਆਂ ਨੂੰ ਗੁਰਪੁਰਬ ਅਤੇ ਹੋਰ ਵਿਸ਼ੇਸ਼ ਮੌਕਿਆਂ 'ਤੇ ਪਾਕਿਸਤਾਨ ਦੇ ਗੁਰਦੁਆਰਿਆਂ ਦੇ ਦਰਸ਼ਨ ਕਰਨ ਦੀ ਇਜਾਜ਼ਤ ਦਿੱਤੀ ਗਈ ਹੈ। ਇਹ ਪ੍ਰਥਾ ਸੱਤ ਦਹਾਕਿਆਂ ਤੋਂ ਬਿਨਾਂ ਕਿਸੇ ਰੁਕਾਵਟ ਦੇ ਜਾਰੀ ਹੈ। ਸੰਗਠਨਾਂ ਦਾ ਮੰਨਣਾ ਹੈ ਕਿ ਇਹ ਫੈਸਲਾ ਪੂਰੀ ਤਰ੍ਹਾਂ ਰਾਜਨੀਤਿਕ ਹੈ, ਕਿਉਂਕਿ ਪਾਕਿਸਤਾਨ ਵਿੱਚ ਸਿੱਖ ਭਾਈਚਾਰੇ ਨੂੰ ਕੋਈ ਖ਼ਤਰਾ ਨਹੀਂ ਹੈ।



### ਇਹ ਪ੍ਰਥਾ ਜੰਗ ਦੌਰਾਨ ਵੀ ਨਹੀਂ ਰੁਕੀ

ਸ੍ਰੀ ਗੁਰੂ ਸਿੰਘ ਸਭਾ ਦੇ ਜਨਰਲ ਸਕੱਤਰ ਡਾ. ਕੁਸ਼ਲ ਸਿੰਘ ਨੇ ਇੱਕ ਪ੍ਰੈਸ ਕਾਨਫਰੰਸ ਵਿੱਚ ਕਿਹਾ ਕਿ ਭਾਰਤ ਅਤੇ ਪਾਕਿਸਤਾਨ ਵਿਚਕਾਰ ਸਭ ਤੋਂ ਤਣਾਅਪੂਰਨ ਅਤੇ ਜੰਗ ਵਰਗੇ ਸਮੇਂ ਦੌਰਾਨ ਵੀ ਸਿੱਖ ਸਮੂਹ ਨਨਕਾਣਾ ਸਾਹਿਬ ਆਉਂਦੇ ਰਹੇ ਹਨ। 1984 ਵਿੱਚ ਆਪ੍ਰੇਸ਼ਨ ਬਲੂ ਸਟਾਰ ਦਾ ਹਵਾਲਾ ਦਿੰਦੇ ਹੋਏ, ਉਨ੍ਹਾਂ ਕਿਹਾ ਕਿ ਜਦੋਂ ਦੋਵਾਂ ਦੇਸ਼ਾਂ ਦੀਆਂ ਸਰਹੱਦਾਂ ਸੀਲ ਕਰ ਦਿੱਤੀਆਂ ਗਈਆਂ ਸਨ, ਉਦੋਂ ਵੀ ਭਾਰਤ ਸਰਕਾਰ ਨੇ ਸਿੱਖਾਂ ਲਈ ਇਸ ਪਵਿੱਤਰ ਯਾਤਰਾ 'ਤੇ ਕੋਈ ਪਾਬੰਦੀ ਨਹੀਂ ਲਗਾਈ। ਉਨ੍ਹਾਂ ਕਿਹਾ ਕਿ ਸਿੱਖ ਸੰਗਠਨਾਂ ਨਾਲ ਸਲਾਹ ਕੀਤੇ ਬਿਨਾਂ ਸਰਕਾਰ ਦਾ ਫੈਸਲਾ ਬਹੁਤ ਹੀ ਮੰਦਭਾਗਾ ਹੈ।

## ਪਾਕਿਸਤਾਨ ਨੇ ਗੁਰਦੁਆਰਾ ਸ੍ਰੀ ਕਰਤਾਰਪੁਰ ਸਾਹਿਬ ਦਰਸ਼ਨਾਂ ਲਈ ਖੋਲ੍ਹਿਆ, ਭਾਰਤ ਸਰਕਾਰ ਨੇ ਲਾਂਘਾ ਖੋਲ੍ਹਣ ਬਾਰੇ ਨਹੀਂ ਲਿਆ ਕੋਈ ਫੈਸਲਾ

**ਲੁਧਿਆਣਾ, 21 ਸਤੰਬਰ (ਆਵਾਜ਼ਿ ਕੌਮ ਬਿਊਰੋ)**-ਪਾਕਿਸਤਾਨ ਦੇ ਨਾਰੋਵਾਲ ਜ਼ਿਲ੍ਹੇ ਵਿੱਚ ਸਥਿਤ ਗੁਰਦੁਆਰਾ ਸ਼੍ਰੀ ਕਰਤਾਰਪੁਰ ਸਾਹਿਬ ਨੂੰ ਹਾਲ ਹੀ ਵਿੱਚ ਆਮ ਸ਼ਰਧਾਲੂਆਂ ਲਈ ਦੁਬਾਰਾ ਖੋਲ੍ਹਿਆ ਗਿਆ ਸੀ। ਹਾਲਾਂਕਿ, ਭਾਰਤੀ ਸਿੱਖ ਸ਼ਰਧਾਲੂ ਅਜੇ ਵੀ ਪਵਿੱਤਰ ਸਥਾਨ ਤੱਕ ਪਹੁੰਚ ਨਹੀਂ ਕਰ ਪਾ ਰਹੇ ਹਨ। ਕੇਂਦਰ ਸਰਕਾਰ ਨੇ ਅਜੇ ਤੱਕ ਲਾਂਘੇ ਨੂੰ ਦੁਬਾਰਾ ਖੋਲ੍ਹਣ ਬਾਰੇ ਕੋਈ ਫੈਸਲਾ ਨਹੀਂ ਲਿਆ ਹੈ, ਜਿਸ ਕਾਰਨ ਪੰਜਾਬ ਅਤੇ ਹੋਰ ਥਾਵਾਂ 'ਤੇ ਸਿੱਖ ਸੰਗਠਨਾਂ ਵਿੱਚ ਨਾਰਾਜ਼ਗੀ ਵਧ ਰਹੀ ਹੈ। ਪੰਜਾਬ ਵਿੱਚ ਹਾਲ ਹੀ ਵਿੱਚ ਆਏ ਹੜ੍ਹਾਂ ਦੌਰਾਨ, ਕਰਤਾਰਪੁਰ ਸਾਹਿਬ ਕੰਪਲੈਕਸ 11 ਫੁੱਟ ਤੱਕ ਪਾਣੀ ਨਾਲ ਭਰ ਗਿਆ ਸੀ, ਜਿਸ ਕਾਰਨ ਗੁਰਦੁਆਰਾ ਸਾਹਿਬ ਨੂੰ ਬੰਦ ਕਰਨਾ ਪਿਆ ਸੀ। ਪਾਣੀ ਘੱਟ ਜਾਣ ਤੋਂ ਬਾਅਦ, ਮੁਰੰਮਤ ਅਤੇ ਸਫਾਈ ਪੂਰੀ ਹੋ ਗਈ ਸੀ, ਅਤੇ ਹੁਣ ਪਾਕਿਸਤਾਨ ਅਤੇ ਵਿਦੇਸ਼ਾਂ ਤੋਂ ਸ਼ਰਧਾਲੂਆਂ ਨੂੰ ਆਉਣ ਦੀ ਆਗਿਆ ਹੈ। ਹਾਲਾਂਕਿ, ਭਾਰਤੀ ਸ਼ਰਧਾਲੂ ਪਹਿਲਾਂ ਇਸ ਸਥਾਨ ਤੱਕ ਪਹੁੰਚਣ ਵਿੱਚ ਅਸਮਰੱਥ ਸਨ ਕਿਉਂਕਿ ਆਪ੍ਰੇਸ਼ਨ ਸਿੰਦੂਰ ਦੌਰਾਨ ਲਾਂਘਾ ਬੰਦ ਕਰ ਦਿੱਤਾ ਗਿਆ ਸੀ। ਸ੍ਰੀ ਕਰਤਾਰਪੁਰ ਸਾਹਿਬ ਦੇ ਮੁੱਖ ਗ੍ਰੰਥੀ ਗੋਬਿੰਦ ਸਿੰਘ ਨੇ ਦੱਸਿਆ ਕਿ ਸ੍ਰੀ ਗੁਰੂ ਨਾਨਕ ਦੇਵ ਜੀ ਦਾ 486ਵਾਂ ਜੋਤੀਜੋਤ ਦਿਵਸ ਸ਼ਰਧਾ ਅਤੇ ਧੂਮਧਾਮ ਨਾਲ ਮਨਾਇਆ ਜਾ ਰਿਹਾ ਹੈ। ਅਖੰਡ ਪਾਠ ਸਾਹਿਬ 20 ਸਤੰਬਰ ਨੂੰ ਸ਼ੁਰੂ ਕੀਤਾ ਗਿਆ ਸੀ ਅਤੇ 22 ਸਤੰਬਰ ਨੂੰ ਭੋਗ ਪਾਇਆ ਜਾਵੇਗਾ। ਉਨ੍ਹਾਂ ਦੱਸਿਆ ਕਿ ਹੜ੍ਹਾਂ ਕਾਰਨ ਕੰਪਲੈਕਸ ਨੂੰ ਕਾਫ਼ੀ ਨੁਕਸਾਨ ਹੋਇਆ ਸੀ, ਪਰ ਹੁਣ ਸਥਿਤੀ ਆਮ ਵਾਂਗ ਹੋ ਗਈ ਹੈ, ਅਤੇ ਸ਼ਰਧਾਲੂ ਵੱਡੀ ਗਿਣਤੀ ਵਿੱਚ ਪਹੁੰਚ ਰਹੇ ਹਨ। ਉਨ੍ਹਾਂ ਪਾਕਿਸਤਾਨ ਵਿੱਚ ਮੁਸਲਿਮ ਭਾਈਚਾਰੇ ਦੇ ਮੈਂਬਰਾਂ ਨੂੰ ਵੀ ਆਉਣ ਅਤੇ ਦਰਸ਼ਨ ਕਰਨ ਦੀ ਅਪੀਲ ਕੀਤੀ। ਕੇਂਦਰ ਸਰਕਾਰ ਵੱਲੋਂ ਲਾਂਘੇ ਨੂੰ ਤੁਰੰਤ ਖੋਲ੍ਹਣ ਦੀਆਂ ਮੰਗਾਂ ਲਗਾਤਾਰ ਉੱਠ ਰਹੀਆਂ ਹਨ। ਇਹ ਮੁੱਦਾ ਹੋਰ ਵੀ ਤੇਜ਼ ਹੋ ਗਿਆ ਹੈ, ਖਾਸ ਕਰਕੇ ਹਾਲ ਹੀ ਵਿੱਚ ਹੋਏ ਭਾਰਤ-ਪਾਕਿਸਤਾਨ ਏਸ਼ੀਆ ਕੱਪ ਕ੍ਰਿਕਟ ਮੈਚ ਤੋਂ ਬਾਅਦ। ਸੰਗਠਨ ਅਤੇ ਨੇਤਾ ਸਵਾਲ ਕਰਦੇ ਹਨ ਕਿ ਜਦੋਂ ਦੋਵਾਂ ਦੇਸ਼ਾਂ ਵਿਚਕਾਰ ਕ੍ਰਿਕਟ ਖੇਡਿਆ ਜਾ ਸਕਦਾ ਹੈ ਤਾਂ ਸ਼ਰਧਾਲੂਆਂ ਦੀਆਂ ਧਾਰਮਿਕ ਯਾਤਰਾਵਾਂ 'ਤੇ ਪਾਬੰਦੀ ਕਿਉਂ ਹੈ।

## ਪੰਜਾਬੀਆਂ ਲਈ ਵੱਡੀ ਖ਼ਬਰ ! ਹਲਵਾਰਾ ਅੰਤਰਰਾਸ਼ਟਰੀ ਹਵਾਈ ਅੱਡਾ ਜਲਦ ਹੋਵੇਗਾ ਚਾਲੂ

**ਲੁਧਿਆਣਾ, 21 ਸਤੰਬਰ (ਆਵਾਜ਼ਿ ਕੌਮ ਬਿਊਰੋ)**-ਲੁਧਿਆਣਾ ਜ਼ਿਲ੍ਹੇ ਦੇ ਪਿੰਡ ਐਤੀਆਣਾ ਵਿਖੇ ਬਣੇ ਅੰਤਰਰਾਸ਼ਟਰੀ ਹਵਾਈ ਅੱਡੇ (ਹਲਵਾਰਾ ਏਅਰਪੋਰਟ) ਤੋਂ ਉਡਾਣ ਭਰਨ ਦੇ ਸੁਫ਼ਨੇ ਵੇਖ ਰਹੇ ਲੋਕਾਂ ਲਈ ਖ਼ੁਸ਼ਖਬਰੀ ਸਾਹਮਣੇ ਆਈ ਹੈ। ਲੋਕ ਨਿਰਮਾਣ ਵਿਭਾਗ ਵੱਲੋਂ ਹਵਾਈ ਅੱਡੇ ਦਾ ਉਦਘਾਟਨ ਜਲਦ ਹੀ ਕਰ ਦਿੱਤਾ ਜਾਵੇਗਾ ਅਤੇ ਇਸ ਦੀ ਕਮਾਂਡ ਭਾਰਤੀ ਹਵਾਈ ਅੱਡਾ ਅਥਾਰਿਟੀ ਦੇ ਹਵਾਲੇ ਕਰ ਦਿੱਤੀ ਜਾਵੇਗੀ। 25 ਸਤੰਬਰ ਨੂੰ ਦਿੱਲੀ ਵਿੱਚ ਪੰਜਾਬ ਸਰਕਾਰ, ਭਾਰਤੀ ਹਵਾਈ ਅੱਡਾ ਅਥਾਰਿਟੀ, ਨਾਗਰਿਕ ਹਵਾਈ ਉਡਾਣ ਮੰਤਰਾਲਾ ਅਤੇ ਭਾਰਤੀ ਹਵਾਈ ਸੈਨਾ ਵਿਚਕਾਰ ਇਕ ਮਹੱਤਵਪੂਰਨ ਮੀਟਿੰਗ ਤਹਿ ਕੀਤੀ ਗਈ ਹੈ। ਜ਼ਿਲ੍ਹਾ ਕਲੈਕਟਰ ਹਿਮਾਂਸ਼ੂ ਜੈਨ ਵੀ ਸੋਮਵਾਰ ਨੂੰ ਦਿੱਲੀ ਜਾ ਰਹੇ ਹਨ। ਉਨ੍ਹਾਂ ਦੇ ਦਿੱਲੀ ਤੋਂ ਵਾਪਸ ਆਉਣ ਉਪਰੰਤ ਜ਼ਿਲ੍ਹਾ ਪੱਧਰ 'ਤੇ ਸਾਰੇ ਸੰਬੰਧਤ ਵਿਭਾਗਾਂ ਦੀ ਉੱਚ ਪੱਧਰੀ ਬੈਠਕ ਹੋਵੇਗੀ, ਜਿਸ ਵਿੱਚ ਹਲਵਾਰਾ ਹਵਾਈ ਸੈਨਾ ਕੇਂਦਰ ਦੇ ਅਧਿਕਾਰੀ ਵੀ ਮੌਜੂਦ ਰਹਿਣਗੇ। ਸਰਕਾਰੀ ਸੂਤਰਾਂ ਅਨੁਸਾਰ ਹਵਾਈ ਅੱਡੇ ਦੇ ਤਬਾਦਲੇ ਦੀਆਂ ਅਧਿਕਾਰਤ ਰਸਮਾਂ ਪੂਰੀਆਂ ਹੋਣ ਤੋਂ ਬਾਅਦ ਉਡਾਣਾਂ ਦੀ ਸਮਾਂ-ਸਾਰਣੀ ਨੂੰ ਅੰਤਿਮ ਰੂਪ ਦਿੱਤਾ ਜਾਵੇਗਾ। ਭਾਜਪਾ ਵੱਲੋਂ ਵੀ ਇਸ ਸਮਾਗਮ ਨੂੰ ਖ਼ਾਸ ਮਹੱਤਤਾ ਦਿੱਤੀ ਜਾ ਰਹੀ ਹੈ। ਜਾਣਕਾਰੀ ਅਨੁਸਾਰ ਕੇਂਦਰੀ ਨਾਗਰਿਕ ਹਵਾਈ ਉਡਾਣ ਮੰਤਰੀ ਰਾਮ ਮੋਹਨ ਨਾਇਡੂ, ਪੰਜਾਬ ਭਾਜਪਾ ਪ੍ਰਧਾਨ ਸੁਨੀਲ ਜਾਖੜ, ਕਾਰਜਕਾਰੀ ਪ੍ਰਧਾਨ ਅਸ਼ਵਨੀ ਸ਼ਰਮਾ ਅਤੇ ਕੇਂਦਰੀ ਰੇਲ ਰਾਜ ਮੰਤਰੀ ਰਵਨੀਤ ਬਿੱਟੂ ਸਮੇਤ ਕਈ ਭਾਜਪਾ ਨੇਤਾ ਹਲਵਾਰਾ ਵਿੱਚ ਹੋਣ ਵਾਲੇ ਸਮਾਗਮ ਵਿੱਚ ਸ਼ਾਮਲ ਹੋ ਸਕਦੇ ਹਨ। ਇਸ ਸਮਾਗਮ ਦੌਰਾਨ ਹਵਾਈ ਅੱਡੇ ਦੇ ਸਰਕਾਰੀ ਉਦਘਾਟਨ ਅਤੇ ਉਡਾਣਾਂ ਦੀ ਸ਼ੁਰੂਆਤ ਲਈ ਰੂਪ-ਰੇਖਾ ਨੂੰ ਅੰਤਿਮ ਰੂਪ ਦਿੱਤੇ ਜਾਣ ਦੀ ਉਮੀਦ ਹੈ। 7 ਸਾਲਾਂ ਦੀ ਲੰਮੀ ਪ੍ਰਕਿਰਿਆ ਤੋਂ ਬਾਅਦ ਤਿਆਰ ਹੋਇਆ ਇਹ ਪ੍ਰਾਜੈਕਟ ਮੁੱਖ ਮੰਤਰੀ ਭਗਵੰਤ ਮਾਨ ਦੇ ਡਰੀਮ ਪ੍ਰਾਜੈਕਟ ਵਜੋਂ ਜਾਣਿਆ ਜਾ ਰਿਹਾ ਹੈ। ਇਸ ਦੇ ਨਾਲ ਹੀ ਰਾਜਨੀਤਿਕ ਪੱਧਰ 'ਤੇ ਕਾਂਗਰਸ, ਭਾਜਪਾ ਅਤੇ ਆਮ ਆਦਮੀ ਪਾਰਟੀ ਵਿਚਕਾਰ ਇਸ ਪ੍ਰਾਜੈਕਟ ਦਾ ਸਿਹਰਾ ਲੈਣ ਲਈ ਹੋੜ ਵੀ ਤੇਜ਼ ਹੋ ਚੁੱਕੀ ਹੈ। ਯਾਦ ਰਹੇ ਕਿ ਇਸ ਤੋਂ ਪਹਿਲਾਂ ਪੰਜਾਬ ਦੇ ਕੈਬਨਿਟ ਮੰਤਰੀ ਸੰਜੀਵ ਅਰੋੜਾ ਵੱਲੋਂ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਦੁਆਰਾ 27 ਜੁਲਾਈ ਨੂੰ ਵਰਚੁਅਲ ਉਦਘਾਟਨ ਕਰਨ ਦਾ ਐਲਾਨ ਕੀਤਾ ਗਿਆ ਸੀ ਪਰ ਕਿਸੇ ਕਾਰਨ ਕਰਕੇ ਇਹ ਸਮਾਰੋਹ ਰੱਦ ਹੋ ਗਿਆ ਸੀ। ਦੂਜੇ ਪਾਸੇ ਲੋਕ ਨਿਰਮਾਣ ਵਿਭਾਗ ਦੇ ਐਗਜ਼ਿਕਊਟਿਵ ਇੰਜੀਨੀਅਰ ਪ੍ਰਦੀਪ ਕੁਮਾਰ ਨੇ ਪੁਸ਼ਟੀ ਕੀਤੀ ਹੈ ਕਿ ਹਵਾਈ ਅੱਡੇ ਦਾ ਤਬਾਦਲਾ ਜਲਦੀ ਹੋਵੇਗਾ ਅਤੇ ਇਸ ਦੇ ਚਾਲੂ ਹੋਣ ਤੋਂ ਪਹਿਲਾਂ ਭਾਰੀ ਸੁਰੱਖਿਆ ਬਲ ਤਾਇਨਾਤ ਕੀਤੇ ਜਾਣਗੇ ਤਾਂ ਜੋ ਸਮਾਗਮ ਅਤੇ ਯਾਤਰੀਆਂ ਦੀ ਸੁਰੱਖਿਆ ਯਕੀਨੀ ਬਣਾਈ ਜਾ ਸਕੇ।



## ਸੰਦੀਪ ਸਿੰਘ 'ਸੰਨੀ' ਮਾਮਲੇ 'ਚ ਜੇਲ੍ਹ ਵਿਭਾਗ ਦੀ ਨਲਾਇਕੀ ਦਾ ਹੋਇਆ ਖੁਲਾਸਾ; ਝਗੜੇ ਤੋਂ ਪਹਿਲਾਂ ਹੀ ਕੀਤਾ ਗਿਆ ਸੀ ਆਗਾਹ

**ਪਟਿਆਲਾ, 21 ਸਤੰਬਰ (ਆਵਾਜ਼ਿ ਕੌਮ ਬਿਊਰੋ)**-ਮੌਜੂਦਾ ਏ.ਡੀ.ਜੀ.ਪੀ. ਅਰੁਣ ਪਾਲ ਸਿੰਘ ਦੇ ਕਾਰਜਕਾਲ ਦੌਰਾਨ 3 ਵੱਡੀਆਂ ਘਟਨਾਵਾਂ 3 ਜੇਲ੍ਹਾਂ—ਸੈਂਟਰਲ ਜੇਲ੍ਹ ਕਪੂਰਥਲਾ, ਜ਼ਿਲ੍ਹਾ ਜੇਲ੍ਹ ਸੰਗਰੂਰ ਅਤੇ ਸੈਂਟਰਲ ਜੇਲ੍ਹ ਪਟਿਆਲਾ ਵਿੱਚ ਵਾਪਰੀਆਂ ਹਨ, ਜਿਨ੍ਹਾਂ ਵਿੱਚ ਕੈਦੀਆਂ ਦੀਆਂ ਹਲਾਕਤਾਂ ਹੋਈਆਂ ਹਨ। ਉਪਰੋਕਤ ਸਾਰੀਆਂ ਘਟਨਾਵਾਂ ਤੋਂ ਪਹਿਲਾਂ ਸੁਪਰਿੰਟੈਂਡੈਂਟ ਜੇਲ੍ਹਾਂ ਵੱਲੋਂ ਵਾਰ-ਵਾਰ ਲਿਖਤੀ ਰੂਪ ਵਿੱਚ ਘਟਨਾਵਾਂ ਦੀਆਂ ਆਸ਼ੰਕਾਵਾਂ ਅਤੇ ਹਮਲੇ ਦਾ ਸ਼ਿਕਾਰ ਕੈਦੀਆਂ ਨੂੰ ਟ੍ਰਾਂਸਫਰ ਕਰਨ ਬਾਰੇ ਸੂਚਨਾ ਦਿੱਤੀ ਗਈ ਸੀ, ਪਰ ਬਾਰ-ਬਾਰ ਸੂਚਿਤ ਕਰਨ ਦੇ ਬਾਵਜੂਦ ਨਾ ਕੋਈ ਟ੍ਰਾਂਸਫਰ ਆਰਡਰ ਜਾਰੀ ਕੀਤਾ ਗਿਆ ਅਤੇ ਨਾ ਹੀ ਏ. ਡੀ. ਜੀ. ਪੀ. ਵੱਲੋਂ ਕੋਈ ਸੰਜਾਣ ਲਈ ਗਈ। ਸੁਪਰਿੰਟੈਂਡੈਂਟ ਕਪੂਰਥਲਾ ਵੱਲੋਂ ਪੱਤਰ ਨੰਬਰ 6808 ਮਿਤੀ 28.05.2023 ਰਾਹੀਂ ਸਿਮਰਨਜੀਤ ਸਿੰਘ ਪੁੱਤਰ ਰੇਸ਼ਮ ਸਿੰਘ ਨੂੰ ਟ੍ਰਾਂਸਫਰ ਕਰਨ ਲਈ ਲਿਖਿਆ ਗਿਆ ਸੀ ਪਰ ਉਸਨੂੰ ਟ੍ਰਾਂਸਫਰ ਨਹੀਂ ਕੀਤਾ ਗਿਆ ਅਤੇ 13.07.2023 ਨੂੰ ਉਸ 'ਤੇ ਹਮਲਾ ਕਰਕੇ ਉਸਦੀ ਹੱਤਿਆ ਕਰ ਦਿੱਤੀ ਗਈ। ਸੁਪਰਿੰਟੈਂਡੈਂਟ ਜੇਲ੍ਹ ਸੰਗਰੂਰ ਵੱਲੋਂ ਕੈਦੀਆਂ ਸਿਮਰਨਜੀਤ ਜੁਝਾਰ, ਧਰਮਿੰਦਰ ਗੋਹਰਾ, ਮੋਹਮਦ ਹਾਰਸ਼ ਅਤੇ ਧਰਮਿੰਦਰ ਬੱਗਾ ਨੂੰ ਟ੍ਰਾਂਸਫਰ ਕਰਨ ਲਈ ਏ. ਡੀ. ਜੀ. ਪੀ. ਨੂੰ ਪੱਤਰ ਨੰਬਰ 2148 ਮਿਤੀ 19.03.2024 ਅਤੇ 2884 ਮਿਤੀ 15.04.2024 ਰਾਹੀਂ ਲਿਖਿਆ ਗਿਆ ਸੀ ਪਰ 19.04.2024 ਨੂੰ ਸਿਮਰਨਜੀਤ ਜੁਝਾਰ ਵੱਲੋਂ ਕੈਦੀਆਂ ਧਰਮਿੰਦਰ ਗੋਹਰਾ ਅਤੇ ਮੋਹਮਦ ਹਾਰਸ਼ ਨੂੰ ਹਮਲਾ ਕਰਕੇ ਮਾਰ ਦਿੱਤਾ ਗਿਆ। ਸੁਪਰਿੰਟੈਂਡੈਂਟ ਸੈਂਟਰਲ ਜੇਲ੍ਹ ਪਟਿਆਲਾ ਵੱਲੋਂ ਪੱਤਰ ਨੰਬਰ 22831 ਮਿਤੀ 27.11.2024 ਰਾਹੀਂ ਸੰਦੀਪ ਪੁੱਤਰ ਮਹਿੰਦਰ ਪਾਲ (ਸੂਰੀ ਕੇਸ) ਨੂੰ ਕਿਸੇ ਹੋਰ ਜੇਲ੍ਹ ਵਿੱਚ ਟ੍ਰਾਂਸਫਰ ਕਰਨ ਲਈ ਏ. ਡੀ. ਜੀ. ਪੀ. ਜੇਲ੍ਹਾਂ ਨੂੰ ਲਿਖਿਆ ਗਿਆ ਸੀ ਅਤੇ ਸਪਸ਼ਟ ਰੂਪ ਵਿੱਚ ਉਲਲੇਖ ਕੀਤਾ ਗਿਆ ਸੀ ਕਿ ਉਸਨੂੰ ਪੁਲਿਸ ਅਧਿਕਾਰੀਆਂ ਦੇ ਨਾਲ ਰੱਖਿਆ ਗਿਆ ਸੀ ਕਿਉਂਕਿ ਕੋਈ ਵੱਖਰਾ ਵਾਰਡ ਉਪਲਬਧ ਨਹੀਂ ਸੀ। ਇਸ ਤੋਂ ਬਾਅਦ ਪਟਿਆਲਾ ਜੇਲ੍ਹ ਦੇ ਸੁਪਰਿੰਟੈਂਡੈਂਟ ਵੱਲੋਂ ਦੁਬਾਰਾ ਪੱਤਰ ਨੰਬਰ 7878 ਮਿਤੀ 25.04.2025 ਰਾਹੀਂ ਕਾਨੂੰਨ-ਵਿਵਸਥਾ ਦੇ ਮੱਦੇਨਜ਼ਰ ਸੰਦੀਪ ਸਿੰਘ ਨੂੰ ਕਿਸੇ ਹੋਰ ਜੇਲ੍ਹ ਵਿੱਚ ਟ੍ਰਾਂਸਫਰ ਕਰਨ ਲਈ ਲਿਖਿਆ ਗਿਆ। ਇਸ ਤੋਂ ਬਾਅਦ ਤੀਜਾ ਪੱਤਰ ਵੀ 18.08.2025 ਨੂੰ ਸੁਪਰਿੰਟੈਂਡੈਂਟ ਜੇਲ੍ਹ ਪਟਿਆਲਾ ਵੱਲੋਂ ਸੰਦਿਪ ਸਿੰਘ ਨੂੰ ਤੁਰੰਤ ਟ੍ਰਾਂਸਫਰ ਕਰਨ ਲਈ ਲਿਖਿਆ ਗਿਆ ਕਿਉਂਕਿ ਭੁਪਿੰਦਰ ਸਿੰਘ ਸਾਬਕਾ ਐਸ.ਐਸ.ਪੀ. ਅਤੇ ਸੁਪਰਿੰਟੈਂਡੈਂਟ ਜੇਲ੍ਹ, ਸੁਬਾ ਸਿੰਘ ਇੰਸਪੈਕਟਰ ਸੀ.ਬੀ.ਆਈ. ਕੇਸ ਵਿੱਚ ਪਟਿਆਲਾ ਜੇਲ੍ਹ ਆ ਗਏ ਸਨ। ਸੁਪਰਿੰਟੈਂਡੈਂਟ ਜੇਲ੍ਹ ਪਟਿਆਲਾ ਵੱਲੋਂ ਪੱਤਰ ਨੰਬਰ 8455 ਮਿਤੀ 12.08.2025 ਰਾਹੀਂ ਏ. ਡੀ. ਜੀ. ਪੀ. ਜੇਲ੍ਹਾਂ ਨੂੰ ਸੁਬਾ ਸਿੰਘ ਨੂੰ ਮੈਡੀਕਲ ਗਰਾਊਂਡ 'ਤੇ ਸੈਂਟਰਲ ਜੇਲ੍ਹ ਅੰਮ੍ਰਿਤਸਰ ਟ੍ਰਾਂਸਫਰ ਕਰਨ ਲਈ ਸਪਸ਼ਟ ਹਦਾਇਤਾਂ ਸਹਿਤ ਆਦਰਣੀਯ ਸੀ.ਬੀ.ਆਈ. ਅਦਾਲਤ ਮੋਹਾਲੀ ਦੇ ਹੁਕਮਾਂ ਦੇ ਅਧਾਰ 'ਤੇ ਲਿਖਿਆ ਗਿਆ ਸੀ ਪਰ ਨਾ ਤਾਂ ਸੰਦੀਪ ਸਿੰਘ (ਸੂਰੀ ਕੇਸ) ਅਤੇ ਨਾ ਹੀ ਸੁਬਾ ਸਿੰਘ ਨੂੰ ਸੈਂਟਰਲ ਜੇਲ੍ਹ ਪਟਿਆਲਾ ਤੋਂ ਟ੍ਰਾਂਸਫਰ ਕੀਤਾ ਗਿਆ ਅਤੇ ਇਸ ਦੇ ਨਤੀਜੇ ਵਜੋਂ 10.09.2025 ਨੂੰ ਸੰਦਿਪ ਸਿੰਘ ਵੱਲੋਂ ਸੁਬਾ ਸਿੰਘ, ਇੰਦਰਜੀਤ ਸਿੰਘ, ਗੁਰਬਚਨ ਸਿੰਘ (ਸਾਰੇ ਸਾਬਕਾ ਪੁਲਿਸ ਅਧਿਕਾਰੀ) 'ਤੇ ਹਮਲਾ ਕੀਤਾ ਗਿਆ ਜਿਸ ਵਿੱਚ ਸੁਬਾ ਸਿੰਘ ਨੂੰ ਗੰਭੀਰ ਚੋਟਾਂ ਆਈਆਂ ਅਤੇ ਬਾਅਦ ਵਿੱਚ ਉਹਨਾਂ ਦੀ ਮੌਤ ਹੋ ਗਈ।



## ਭਾਰਤ ਦੇ ਗੁਆਂਢੀ ਦੇਸ਼ ਬੰਗਲਾਦੇਸ਼ 'ਚ ਆਇਆ ਭੂਚਾਲ, ਮੇਘਾਲਿਆ ਤੱਕ ਮਹਿਸੂਸ ਕੀਤੇ ਗਏ ਝਟਕੇ




**ਢਾਕਾ, 21 ਸਤੰਬਰ (ਆਵਾਜ਼ਿ ਕੌਮ ਬਿਊਰੋ)**-ਭਾਰਤ ਦੇ ਗੁਆਂਢੀ ਦੇਸ਼ ਬੰਗਲਾਦੇਸ਼ ਵਿੱਚ ਐਤਵਾਰ ਨੂੰ ਭੂਚਾਲ ਦੇ ਝਟਕੇ ਮਹਿਸੂਸ ਕੀਤੇ ਗਏ ਹਨ, ਜਿਸ ਨਾਲ ਮੇਘਾਲਿਆ ਰਾਜ ਤੱਕ ਧਰਤੀ ਹਿੱਲ ਗਈ। ਹਾਲਾਂਕਿ, ਇਹ ਰਾਹਤ ਦੀ ਗੱਲ ਹੈ ਕਿ ਕੋਈ ਨੁਕਸਾਨ ਨਹੀਂ ਹੋਇਆ। ਐਤਵਾਰ ਨੂੰ ਬੰਗਲਾਦੇਸ਼ ਵਿੱਚ 4.0 ਤੀਬਰਤਾ ਦਾ ਭੂਚਾਲ ਆਇਆ। ਬੰਗਲਾ ਦੇਸ਼ ਵਿੱਚ ਭੂਚਾਲ ਤੋਂ ਬਾਅਦ ਮੇਘਾਲਿਆ ਵਿੱਚ ਵੀ ਭੂਚਾਲ ਦੇ ਝਟਕੇ ਮਹਿਸੂਸ ਕੀਤੇ ਗਏ। ਅਧਿਕਾਰੀਆਂ ਨੇ ਇਹ ਜਾਣਕਾਰੀ ਦਿੱਤੀ ਹੈ। ਭੂਚਾਲ ਦੇ ਝਟਕੇ ਭਾਰਤੀ ਸਮੇਂ ਅਨੁਸਾਰ ਸਵੇਰੇ 11:49 ਵਜੇ ਬੰਗਲਾਦੇਸ਼ ਨਾਲ ਲੱਗਦੀ ਮੇਘਾਲਿਆ ਸਰਹੱਦ ਦੇ ਨੇੜੇ ਮਹਿਸੂਸ ਕੀਤੇ ਗਏ। ਉਨ੍ਹਾਂ ਕਿਹਾ ਕਿ ਮੇਘਾਲਿਆ ਵਿੱਚ ਨੁਕਸਾਨ ਜਾਂ ਜਾਨੀ ਨੁਕਸਾਨ ਦੀ ਕੋਈ ਰਿਪੋਰਟ ਨਹੀਂ ਹੈ। ਐਤਵਾਰ ਨੂੰ ਗੁਜਰਾਤ ਦੇ ਕੱਛ ਵਿੱਚ ਵੀ ਭੂਚਾਲ ਦੇ ਝਟਕੇ ਮਹਿਸੂਸ ਕੀਤੇ ਗਏ। ਭੂਚਾਲ ਦੀ ਤੀਬਰਤਾ 3.1 ਸੀ। ਆਈਐਸਆਰ ਨੇ ਦੱਸਿਆ ਕਿ ਭੂਚਾਲ ਦੁਪਹਿਰ 12:41 ਵਜੇ ਆਇਆ ਅਤੇ ਇਸਦਾ ਕੇਂਦਰ ਭਚਾਊ ਤੋਂ ਲਗਭਗ 12 ਕਿਲੋਮੀਟਰ ਉੱਤਰ-ਪੂਰਬ ਵਿੱਚ ਸੀ। ਸਵੇਰੇ ਲਗਭਗ 6:41 ਵਜੇ, ਕੱਛ ਵਿੱਚ 2.6 ਤੀਬਰਤਾ ਦਾ ਭੂਚਾਲ ਆਇਆ। ਸਵੇਰ ਦੇ ਭੂਚਾਲ ਦਾ ਕੇਂਦਰ ਧੋਲਾਵੀਰਾ ਤੋਂ 24 ਕਿਲੋਮੀਟਰ ਪੂਰਬ-ਦੱਖਣ-ਪੂਰਬ ਵਿੱਚ ਸੀ। ਜ਼ਿਲ੍ਹਾ ਆਫ਼ਤ ਪ੍ਰਬੰਧਨ ਅਧਿਕਾਰੀ ਨੇ ਦੱਸਿਆ ਕਿ ਜਾਨ-ਮਾਲ ਦੇ ਨੁਕਸਾਨ ਦੀ ਕੋਈ ਰਿਪੋਰਟ ਨਹੀਂ ਹੈ। ਕੱਛ ਜ਼ਿਲ੍ਹਾ ਇੱਕ 'ਉੱਚ-ਜੋਖਮ' ਭੂਚਾਲ ਵਾਲੇ ਖੇਤਰ ਵਿੱਚ ਸਥਿਤ ਹੈ, ਜਿੱਥੇ ਘੱਟ ਤੀਬਰਤਾ ਵਾਲੇ ਭੂਚਾਲ ਨਿਯਮਿਤ ਤੌਰ 'ਤੇ ਆਉਂਦੇ ਹਨ। 2001 ਦਾ ਕੱਛ ਭੂਚਾਲ ਪਿਛਲੀਆਂ ਦੋ ਸਦੀਆਂ ਵਿੱਚ ਭਾਰਤ ਵਿੱਚ ਤੀਜਾ ਸਭ ਤੋਂ ਵੱਡਾ ਅਤੇ ਦੂਜਾ ਸਭ ਤੋਂ ਵਿਨਾਸ਼ਕਾਰੀ ਭੂਚਾਲ ਸੀ। 2001 ਦੇ ਭੂਚਾਲ ਵਿੱਚ ਲਗਭਗ 13,800 ਲੋਕ ਮਾਰੇ ਗਏ ਸਨ ਅਤੇ 1.67 ਲੱਖ ਲੋਕ ਜ਼ਖਮੀ ਹੋਏ ਸਨ।

# ਭਾਈ ਕਪਤਾਨ ਸਿੰਘ 'ਤੇ ਹੋਏ ਕਾਇਰਾਨਾ ਹਮਲੇ ਦੀ
# ਵੱਖ-ਵੱਖ ਪੰਥਕ ਅਤੇ ਧਾਰਮਿਕ ਆਗੂਆਂ ਵੱਲੋਂ ਪੁਰਜ਼ੋਰ ਨਿਖੇਧੀ

## ਭਾਈ ਕਪਤਾਨ ਸਿੰਘ ਯੂ ਕੇ ਤੇ ਜਾਨਲੇਵਾ ਹਮਲਾ ਅਤਿ ਨਿੰਦਣਯੋਗ ਘਟਨਾ :ਜਥੇਦਾਰ ਦਲੀਪ ਸਿੰਘ ਚਕਰ



**ਚੰਡੀਗੜ੍ਹ, 21 ਸਤੰਬਰ (ਆਵਾਜ਼ਿ ਕੌਮ ਬਿਊਰੋ)-** ਇੰਟਰਨੈਸ਼ਨਲ ਪੰਥਕ ਦਲ ਦੇ ਆਲ ਇੰਡੀਆ ਕਨਵੀਨਰ ਜਥੇਦਾਰ ਦਲੀਪ ਸਿੰਘ ਚਕਰ ਨੇ ਇੱਕ ਵਿਸ਼ੇਸ਼ ਗੱਲਬਾਤ ਦੌਰਾਨ ਕਿਹਾ ਕਿ ਯੂ ਕੇ ਦੀ ਸਿੱਖ ਕਮਿਊਨਿਟੀ ਵਿੱਚ 14 ਸਤੰਬਰ ਦਿਨ ਐਤਵਾਰ ਨੂੰ ਗੁਰੂ ਨਾਨਕ ਗੁਰਦੁਆਰਾ ਸੈਜਲੀ ਸਟ੍ਰੀਟ ਬਰਮਿੰਘਮ ਵਿੱਚ ਵਾਪਰੀ ਘਟਨਾ ਨੇ ਸਾਰੀ ਕੌਮ ਨੂੰ ਝੰਜੋੜ ਕੇ ਰੱਖ ਦਿੱਤਾ ਹੈ ਸ੍ਰੀ ਅਖੰਡ ਪਾਠ ਸਾਹਿਬ ਦੇ ਭੋਗ ਤੋਂ ਬਾਅਦ ਹੋਏ ਧਾਰਮਿਕ ਸਮਾਗਮ ਦੌਰਾਨ ਇੰਟਰਨੈਸ਼ਨਲ ਪੰਥਕ ਦਲ ਬੁਲਾਰੇ ਅਤੇ ਇੰਗਲੈਂਡ ਇਕਾਈ ਦੇ ਸੀਨੀਅਰ ਮੀਤ ਪ੍ਰਧਾਨ ਭਾਈ ਕਪਤਾਨ ਸਿੰਘ ਉਪਰ ਕੁੱਝ ਲੋਕਾਂ ਵੱਲੋਂ ਅਚਾਨਕ ਜਾਨਲੇਵਾ ਹਮਲਾ ਕੀਤਾ ਗਿਆ। ਇਸ ਹਮਲੇ ਵਿੱਚ ਭਾਈ ਕਪਤਾਨ ਸਿੰਘ ਗੰਭੀਰ ਰੂਪ ਵਿੱਚ ਜ਼ਖ਼ਮੀ ਹੋਏ ਹਨ ਜਿਨ੍ਹਾਂ ਨੂੰ ਤੁਰੰਤ ਹਸਪਤਾਲ ਭਰਤੀ ਕਰਵਾਇਆ ਗਿਆ ਗੁਰਦੁਆਰਾ ਸਾਹਿਬ ਵਿਖੇ ਕੀਤਾ ਗਿਆ ਹਮਲਾ ਭਾਈ ਕਪਤਾਨ ਸਿੰਘ ਤੇ ਨਹੀਂ ਸਗੋਂ ਸਮੁੱਚੀ ਸਿੱਖ ਕੌਮ ਤੇ ਹਮਲਾ ਹੈ ਗੁਰਦੁਆਰਾ ਸਾਹਿਬ ਦੀ ਪਵਿੱਤਰਤਾ ਵੀ ਭੰਗ ਕੀਤੀ ਗਈ ਹੈ ਇਸ ਹਮਲੇ ਨੂੰ ਲੈ ਸਿੱਖ ਕੌਮ ਵਿੱਚ ਗੁੱਸੇ ਦੀ ਲਹਿਰ ਹੈ ਅਤੇ ਯੂ ਕੇ ਸਰਕਾਰ ਪਾਸੋਂ ਇਸ ਹਮਲੇ ਸਬੰਧੀ ਜਾਂਚ ਕਰਕੇ ਦੋਸ਼ੀਆਂ ਖਿਲਾਫ ਬਣਦੀ ਕਾਨੂੰਨੀ ਕਾਰਵਾਈ ਕਰਨ ਦੀ ਮੰਗ ਕਰਦੀ ਹੈ ਉਹਨਾਂ ਅੱਗੇ ਕਿਹਾ ਕਿ ਭਾਈ ਕਪਤਾਨ ਸਿੰਘ ਤੇ ਜਾਨਲੇਵਾ ਹਮਲਾ ਬਰਦਾਸ਼ਤ ਤੋਂ ਬਾਹਰ ਹੈ ਜੋ ਕਿ ਸਹਿਣ ਨਹੀਂ ਕੀਤਾ ਜਾਵੇਗਾ ਅਤੇ ਉਹਨਾਂ ਅੱਗੇ ਕਿਹਾ ਕਿ ਇੰਟਰਨੈਸ਼ਨਲ ਪੰਥਕ ਦਲ ਦੀ ਇੰਗਲੈਂਡ ਇਕਾਈ ਨੂੰ ਇਕੱਠੇ ਹੋ ਕੇ ਭਾਈ ਕਪਤਾਨ ਸਿੰਘ ਦਾ ਸਾਥ ਦੇਣਾ ਚਾਹੀਦਾ ਹੈ।





**ਭਾਈ ਕਪਤਾਨ ਸਿੰਘ**
**(ਫਾਈਲ ਫੋਟੋ)**

ਇਹਨਾਂ ਤਸਵੀਰਾਂ ਵਿੱਚ ਸਾਫ਼ ਦਿਸ ਰਿਹਾ ਹੈ ਕਿ ਭਾਈ ਕਪਤਾਨ ਸਿੰਘ ਨੂੰ ਜ਼ਬਰਦਸਤੀ ਘਸੀਟ ਕੇ ਲਿਜਾਣ ਦੀ ਕੋਸ਼ਿਸ਼ ਕੀਤੀ ਜਾ ਰਹੀ ਹੈ। ਲੋਕਾਂ ਦੇ ਹਜੂਮ ਵਿਚਕਾਰ ਕਈ ਵਿਅਕਤੀ ਉਨ੍ਹਾਂ ਨੂੰ ਬਲਵਾਨੀ ਨਾਲ ਕਾਬੂ ਕਰਦੇ ਹੋਏ ਨਜ਼ਰ ਆ ਰਹੇ ਹਨ। ਇਹ ਘਟਨਾ ਗੁਰਦੁਆਰੇ ਦੇ ਅੰਦਰ ਪਵਿੱਤਰ ਦਰਬਾਰ ਵਿਚ ਵਾਪਰੀ, ਜਿਸ ਨਾਲ ਸੰਗਤ ਵਿੱਚ ਕਾਫ਼ੀ ਤਣਾਅ ਤੇ ਗੁੱਸੇ ਦਾ ਮਾਹੌਲ ਬਣ ਗਿਆ। (ਹਮਲੇ ਵਾਲੀ ਘਟਨਾ ਦੀਆਂ ਤਸਵੀਰਾਂ)

## ਗੁਰੂ ਨਾਨਕ ਗੁਰਦੁਆਰਾ ਸੈਜਲੀ ਸਟ੍ਰੀਟ ਵੁਲਵਰਹੈਂਪਟਨ ਵਿੱਚ ਭਾਈ ਕਪਤਾਨ ਸਿੰਘ ਉੱਤੇ ਹਮਲੇ ਦੀ ਨਿੰਦਾ



**ਵੋਲਵਰਹੈਮਪਟਨ, 21 ਸਤੰਬਰ (ਆਵਾਜ਼ਿ ਕੌਮ ਬਿਊਰੋ)-** ਗੁਰੂ ਨਾਨਕ ਗੁਰਦੁਆਰਾ ਸੈਜਲੀ ਸਟ੍ਰੀਟ ਵਿੱਚ ਭਾਈ ਕਪਤਾਨ ਸਿੰਘ ਉੱਤੇ ਹੋਏ ਜਾਨਲੇਵਾ ਹਮਲੇ ਦੀ ਸਖ਼ਤ ਸ਼ਬਦਾਂ ਵਿੱਚ ਨਿੰਦਾ ਕੀਤੀ ਗਈ ਹੈ। ਇਹ ਘਟਨਾ ਬਹੁਤ ਹੀ ਮੰਦਭਾਗਾ ਦੱਸਦੇ ਹੋਏ ਕਿਹਾ ਗਿਆ ਹੈ ਕਿ ਗੁਰੂ ਦੇ ਸਿੱਖਾਂ ਨੂੰ ਇਹ ਕਦੇ ਵੀ ਸ਼ੋਭਾ ਨਹੀਂ ਦਿੰਦੀ। ਪੱਗਾਂ ਦੀ ਬੇਅਦਬੀ ਕਰਨ ਵਾਲਿਆਂ ਨੂੰ ਗੁਰੂ ਘਰ ਦੀ ਮਰਿਆਦਾ ਦਾ ਪਤਾ ਨਹੀਂ ਜਾਂ ਫਿਰ ਮਰਿਆਦਾ ਜਾਣਦੇ ਹੋਏ ਵੀ ਇਹ ਕਦਮ ਜਾਣ-ਬੁੱਝ ਕੇ ਚੁੱਕਿਆ ਗਿਆ? — ਇਹ ਸਵਾਲ ਸਾਰੀ ਸੰਗਤ ਦੇ ਮਨ ਵਿੱਚ ਉਠ ਰਹੇ ਹਨ। ਸੰਗਤ ਨੂੰ ਅਪੀਲ ਕੀਤੀ ਗਈ ਹੈ ਕਿ ਭਾਈ ਕਪਤਾਨ ਸਿੰਘ ਦਾ ਸਮਰਥਨ ਕੀਤਾ ਜਾਵੇ ਅਤੇ ਕੋਈ ਵੀ ਮਸਲਾ ਰਲ ਮਿਲ ਕੇ ਹੱਲ ਕੀਤਾ ਜਾਵੇ। ਗੁਰਬਾਣੀ ਦੇ ਫੁਰਮਾਨ ਅਨੁਸਾਰ:

"ਹਰਿ ਨਮੈ ਕੇ ਹੋਵਹੁ ਜੋੜੀ ਗੁਰਮੁਖਿ ਬੈਸਹੁ ਸਫਾ ਵਿਛਾਇ"

ਇਹ ਬਿਆਨ ਜਗਰੂਪ ਸਿੰਘ, ਗੁਰਵਿੰਦਰ ਸਿੰਘ ਬਾਜਵਾ, ਜਸਵੀਰ ਸਿੰਘ, ਹਰਵਿੰਦਰ ਸਿੰਘ ਬਿੰਦਾ ਅਤੇ ਨਿਰਮਲ ਸਿੰਘ ਵੱਲੋਂ ਜਾਰੀ ਕੀਤਾ ਗਿਆ ਹੈ, ਜਿਨ੍ਹਾਂ ਨੇ ਸੰਗਤ ਨੂੰ ਏਕਤਾ ਬਰਕਰਾਰ ਰੱਖਣ ਲਈ ਅਪੀਲ ਕੀਤੀ ਹੈ।

## ਇੰਗਲੈਂਡ ਵਿੱਚ ਭਾਈ ਕਪਤਾਨ ਸਿੰਘ ਜੀ ਤੇ ਹੋਏ ਹਮਲੇ ਦੀ ਬਹੁਤ ਹੀ ਨਿੰਦਣਯੋਗ ਘਟਨਾ-ਜਥੇਦਾਰ ਬਾਬਾ ਨਛੱਤਰ ਸਿੰਘ ਜੀ ਭੈਣੀ ਮੱਸਾ ਸਿੰਘ ਪ੍ਰਧਾਨ ਅਸਟਰੀਆ ਯੂਰਪ ਅਤੇ ਸਮੂਹ ਸੰਗਤ




(ਮਨਪ੍ਰੀਤ ਸਿੰਘ ਵਾੜਾ ਸ਼ੇਰ ਸਿੰਘ) ਇੰਟਰਨੈਸ਼ਨਲ ਪੰਥਕ ਦਲ ਦੇ ਸਿਰਮੌਰ ਆਗੂ ਭਾਈ ਕਪਤਾਨ ਸਿੰਘ ਜੀ ਤੇ ਗੁਰਦੁਆਰਾ ਸੈਜਲੀ ਸਟਰੀਟ ਵਿਖੇ ਜੋ ਜਾਨਲੇਵਾ ਹਮਲਾ ਕੀਤਾ ਗਿਆ ਸੀ ਜਿਸ ਵਿੱਚ ਭਾਈ ਕਪਤਾਨ ਸਿੰਘ ਜੀ ਬੁਰੀ ਤਰ੍ਹਾਂ ਜ਼ਖਮੀ ਹੋ ਗਏ। ਪੁਲਿਸ ਪ੍ਰਸ਼ਾਸਨ ਵੱਲੋਂ ਮੌਕੇ ਤੇ ਭਾਈ ਕਪਤਾਨ ਸਿੰਘ ਜੀ ਨੇ ਹਸਪਤਾਲ ਪਹੁੰਚਾਇਆ ਗਿਆ। ਇਸ ਉਪਰ ਸਖਤ ਨਿੰਦਿਆ ਕਰਦੇ ਹੋਏ ਇੰਟਰਨੈਸ਼ਨਲ ਪੰਥਕ ਦਲ ਅਸਟਰੀਆ ਯੂਰਪ ਦੇ ਪ੍ਰਧਾਨ ਜਥੇਦਾਰ ਬਾਬਾ ਨਛੱਤਰ ਸਿੰਘ ਜੀ ਭੈਣੀ ਮੱਸਾ ਸਿੰਘ ਵਾਲਿਆਂ ਨੇ ਦੱਸਿਆ ਕਿ ਇਨਾ ਹਮਲਾਵਰ ਲੋਕਾਂ ਨੇ ਨਾ ਤਾਂ ਸਾਬਤ ਸੂਰਤ ਦਾੜੇ ਕੇਸਾਂ ਦੀ ਕਦਰ ਕੀਤੀ ਅਤੇ ਨਾ ਹੀ ਗੁਰਦੁਆਰਾ ਸਾਹਿਬ ਤੇ ਗੁਰੂ ਸਾਹਿਬ ਦੀ ਮਾਣ ਮਰਿਆਦਾ ਦਾ ਖਿਆਲ ਰੱਖਿਆ। ਬਾਬਾ ਨਛੱਤਰ ਸਿੰਘ ਜੀ ਵੱਲੋਂ ਅਤੇ ਅਸਟਰੀਆ ਯੂਰਪ ਦੀ ਸੰਗਤ ਨੇ ਭਾਈ ਕਪਤਾਨ ਸਿੰਘ ਜੀ ਨਾਲ ਹਮਦਰਦੀ ਪ੍ਰਗਟਾਈ ਅਤੇ ਹਰ ਤਰ੍ਹਾਂ ਦਾ ਸਹਿਯੋਗ ਦੇਣ ਦਾ ਵਿਸ਼ਵਾਸ ਦਵਾਇਆ।



## ਭਾਈ ਕਪਤਾਨ ਸਿੰਘ 'ਤੇ ਗੁਰੂ ਘਰ ਵਿੱਚ ਹਮਲਾ — ਸਿੱਖ ਕੌਮ ਵਿੱਚ ਰੋਸ



**ਵੋਲਵਰਹੈਂਪਟਨ, 21 ਸਤੰਬਰ (ਆਵਾਜ਼ਿ ਕੌਮ ਬਿਊਰੋ)-** ਗੁਰੂ ਘਰ ਵਿੱਚ ਭਾਈ ਕਪਤਾਨ ਸਿੰਘ ਉੱਤੇ ਕੁਝ ਸ਼ਰਾਰਤੀ ਅਨਸਰਾਂ ਵੱਲੋਂ ਕੀਤਾ ਗਿਆ ਹਮਲਾ ਸਿੱਖ ਕੌਮ ਲਈ ਬਹੁਤ ਹੀ ਦੁਖਦਾਈ ਤੇ ਨਿੰਦਣਯੋਗ ਘਟਨਾ ਵਜੋਂ ਸਾਹਮਣੇ ਆਇਆ ਹੈ। ਭਾਈ ਕਪਤਾਨ ਸਿੰਘ ਸਿੱਖਾਂ ਦੇ ਹੱਕਾਂ ਲਈ ਹਮੇਸ਼ਾ ਨਿਧੜਕ ਹੋ ਕੇ ਬੋਲਦੇ ਹਨ ਅਤੇ ਟੀਵੀ ਚੈਨਲਾਂ 'ਤੇ ਸੱਚ ਦੀ ਆਵਾਜ਼ ਨੂੰ ਬੁਲੰਦ ਕਰਦੇ ਹਨ। ਵਿਰੋਧੀਆਂ ਨੇ ਇਸ ਸੱਚ ਦੀ ਅਵਾਜ਼ ਨੂੰ ਦਬਾਉਣ ਦੀ ਕੋਸ਼ਿਸ਼ ਕੀਤੀ, ਪਰ ਕੌਮ ਵੱਲੋਂ ਸਾਫ਼ ਕੀਤਾ ਗਿਆ ਹੈ ਕਿ ਇਹ ਆਵਾਜ਼ ਕਦੇ ਖਾਮੋਸ਼ ਨਹੀਂ ਹੋਵੇਗੀ। ਇਸ ਘਟਨਾ ਤੋਂ ਬਾਅਦ ਸਿੱਖ ਕੌਮ ਦੇ ਹਰੇਕ ਵਰਗ ਨੇ ਭਾਈ ਕਪਤਾਨ ਸਿੰਘ ਦੇ ਨਾਲ ਖੜ੍ਹ ਕੇ ਏਕਤਾ ਦਰਸਾਈ ਹੈ। ਕੌਮੀ ਪੱਧਰ 'ਤੇ ਵੀ ਇਹ ਘਟਨਾ ਵੱਡੇ ਰੋਸ ਦਾ ਕਾਰਨ ਬਣੀ ਹੈ। ਗੁਰਦੁਆਰਾ ਬਾਬਾ ਮਹਿਮਾ ਸਾਹਿਬ ਜੀ ਦੇ ਹੈੱਡ ਗ੍ਰੰਥੀ ਗਿਆਨੀ ਸਾਹਿਬ ਸਿੰਘ ਨੇ ਇਸ ਘਟਨਾ ਦੀ ਕੜੀ ਨਿੰਦਾ ਕਰਦੇ ਹੋਏ ਕਿਹਾ ਕਿ, "ਗੁਰੂ ਘਰ ਵਿੱਚ ਹਮਲਾ ਕਰਨਾ ਸਭ ਤੋਂ ਵੱਡੀ ਬੇਅਦਬੀ ਹੈ। ਇਹ ਸਿਰਫ਼ ਭਾਈ ਕਪਤਾਨ ਸਿੰਘ ਉੱਤੇ ਹਮਲਾ ਨਹੀਂ, ਸਗੋਂ ਪੂਰੀ ਸਿੱਖ ਕੌਮ ਉੱਤੇ ਹਮਲਾ ਹੈ।" ਭਾਈ ਕਪਤਾਨ ਸਿੰਘ ਦਾ ਨਾਮ ਇਸ ਘਟਨਾ ਤੋਂ ਬਾਅਦ ਹੋਰ ਵੀ ਚਮਕੇਗਾ ਅਤੇ ਸੱਚ ਦੇ ਰਾਹ 'ਤੇ ਉਹ ਹੋਰ ਨਿਡਰ ਹੋ ਕੇ ਅੱਗੇ ਵਧਣਗੇ।

ਆਵਾਜ਼ਿ ਕੌਮ
AWAZE QAUM
International Newspaper & WEB TV

## ਮੈਂ ਸਰੀਰਕ ਮੌਤ ਨੂੰ ਮੌਤ ਨਹੀ ਮੰਨਦਾ ਜਮੀਰ ਦਾ ਮਰਜਾਣਾ ਯਕੀਨਨ ਮੌਤ ਹੈ।

ਸੰਤ ਜਰਨੈਲ ਸਿੰਘ ਜੀ ਖਾਲਸਾ ਭਿੰਡਰਾਂਵਾਲੇ




Physical death i do not fear
death of conscience is a sure death

Sant Jarnail Singh Ji Khalsa Bhindranwale

www.damdamitaksal.net




ਵਾਹਿਗੁਰੂ ਜੀ ਕਾ ਖਾਲਸਾ॥ ਵਾਹਿਗੁਰੂ ਜੀ ਕੀ ਫਤਹਿ॥

WAHEGURU JI KA KHALSA WAHEGURU JI KI FATEH

ਖੰਡੇ ਬਾਟੇ ਦੀ ਪਾਹੁਲ ਛੱਕ ਕੇ ਗੁਰੂ ਵਾਲੇ ਬਣੋ

Khande Bate di Pahul Shak Ke Guru Wale Bano

ਗੁਰਬਾਣੀ ਸੰਥਿਆ ਅਤੇ ਗੁਰਮਤਿ ਸਿੱਖਿਆ ਨਾਲ ਜੁੜੋ

Join Gurbani Santhia and Gurmat Sikhia

ਕੀਰਤਨ ਕਥਾ ਕਵੀਸ਼ਰੀ ਅਤੇ ਢਾਡੀ ਵਾਰਾਂ ਸਿੱਖੋ

Learn Kirtan Katha Kavishri and Dhadi Waran

ਗੁਰਮੁਖੀ ਪੰਜਾਬੀ ਸਿੱਖੋ

Learn Gurmukhi Punjabi

ਗਤਕਾ ਸਿੱਖੋ Learn Gatka

www.damdamitaksal.net



## ਆਵਾਜ਼ਿ ਕੌਮ

Daily Newspaper from U.K.

Publisher/Chief Editor
**Raghbir Singh Walsal**
E-mail : awazeqaumtv@gmail.com

www.awazeqaumtv.com

for **AWAZE QAUM** Channel

https://youtu.be/LQwolgxDu7I
Contact :
+447458381111
+447976210161
+919729091243

ਆਵਾਜ਼ਿ ਕੌਮ AWAZE QAUM TV



ਭਾਈ ਰਘਵੀਰ ਸਿੰਘ ਵਾਲਸਾਲ
ਯੂ.ਕੇ. ਮੁੱਖ ਸੰਪਾਦਕ
Raghbir Singh Walsall uk


**ਪੰਜਾਬੀ ਸਿੱਖੋ, ਪੰਜਾਬੀ ਪੜ੍ਹੋ, ਪੰਜਾਬੀ ਬੋਲੋ, ਮਾਂ ਬੋਲੀ ਪੰਜਾਬੀ ਅਤੇ ਆਪਣੇ ਪੰਜਾਬ ਨੂੰ ਪਿਆਰ ਕਰੋ**

## ਸਮੂਹ ਪੱਤਰਕਾਰ/ਲੇਖਕਾਂ ਦੇ ਧਿਆਨ ਹਿਤ

ਸਮੂਹ ਪੱਤਰਕਾਰਾਂ/ਲੇਖਕਾਂ ਨੂੰ ਅਪੀਲ ਹੈ ਕਿ ਉਹ ਆਪਣੀਆ ਖ਼ਬਰਾਂ, ਇਸ਼ਤਿਹਾਰ ਅਤੇ ਹੋਰ ਸਮੱਗਰੀ ਸ਼ੁੱਧ ਪੰਜਾਬੀ ਵਿੱਚ ਕੰਪੋਜ਼ ਕਰਕੇ ਭੇਜਣ। ਬਿਨਾਂ ਕੰਪੋਜ਼ ਕੀਤੀਆਂ ਗਈਆਂ ਖ਼ਬਰਾਂ, ਲੇਖ ਜਾਂ ਹੋਰ ਕਿਸੇ ਵੀ ਪ੍ਰਕਾਰ ਦੇ ਮੈਟਰ 'ਤੇ ਵਿਚਾਰ ਨਹੀਂ ਕੀਤਾ ਜਾਵੇਗਾ। -ਸੰਪਾਦਕ


ਦੇਗ ਤੇਗ ਫ਼ਤਿਹ – ਪੰਥ ਕੀ ਜੀਤ

*ਹਮ ਰਾਖਤ ਪਾਤਿਸ਼ਾਹੀ ਦਾਵਾ ॥ ਜਾਂ ਇਤ ਕੋ ਜਾਂ ਅਗਲੋ ਪਾਵਾ ॥*

ਨੌਵੇ ਪਾਤਸ਼ਾਹ ਧੰਨ-ਧੰਨ ਗੁਰੂ ਤੇਗ ਬਹਾਦਰ ਸਾਹਿਬ ਜੀ ਦੇ
350 ਸਾਲਾਂ ਸ਼ਹੀਦੀ ਸ਼ਤਾਬਦੀ ਨੂੰ ਸਮਰਪਿਤ
ਅਤੇ ਸ੍ਰੀ ਗੁਰੂ ਨਾਨਕ ਦੇਵ ਜੀ ਦੇ ਪ੍ਰਕਾਸ਼ ਪੁਰਬ ਤੇ
ਮਾਤਾ ਸਾਹਿਬ ਕੌਰ ਜੀ ਦੇ ਜਨਮ ਦਿਹਾੜੇ ਨੂੰ ਸਮਰਪਿਤ



ਧੰਨ-ਧੰਨ ਮਾਤਾ ਸਾਹਿਬ ਕੌਰ ਜੀ

## ਗੁਰਮਤਿ ਸਮਾਗਮ



ਸੰਤ ਜਰਨੈਲ ਸਿੰਘ ਜੀ ਖਾਲਸਾ ਭਿੰਡਰਾਂ ਵਾਲੇ

1 ਨਵੰਬਰ 2025, ਦਿਨ ਸ਼ਨੀਵਾਰ ਨੂੰ
ਬੱਬਰਾਂ ਦੇ ਹਾਈ ਕੋਰਟ ਗੁਰਦੁਆਰਾ ਸ਼ਹੀਦਾਂ, ਜੱਸੋਵਾਲ ਵਿਖੇ
ਬੜੀ ਸ਼ਰਧਾ ਨਾਲ ਕਰਵਾਇਆ ਜਾ ਰਿਹਾ ਹੈ।

ਲੜੀ ਅਰੰਭ ਸ੍ਰੀ ਅਖੰਡ ਪਾਠ ਸਾਹਿਬ –20 ਅਕਤੂਬਰ, ਸੋਮਵਾਰ, ਸਵੇਰੇ 10 ਵਜੇ

ਲੜੀ ਭੋਗ ਸ੍ਰੀ ਅਖੰਡ ਪਾਠ ਸਾਹਿਬ –1 ਨਵੰਬਰ, ਸ਼ਨੀਵਾਰ, ਸਵੇਰੇ 9 ਵਜੇ



ਨੋਟ : ਇਹ ਸਮਾਗਮ 13 ਦਿਨ ਚੱਲੇਗਾ ਦੇਸ਼-ਵਿਦੇਸ਼ ਤੋਂ ਸੰਗਤਾਂ ਪਹੁੰਚ ਰਹੀਆ।
ਸਮੂਹ ਸੰਗਤ ਨੂੰ ਪਹੁੰਚਣ ਲਈ ਬੇਨਤੀ ਕੀਤੀ ਜਾਂਦੀ ਹੈ। ਗੁਰੂ ਦੇ ਲੰਗਰ ਅਤੇ ਚਾਹ ਪਕੌੜਿਆਂ ਦੇ ਲੰਗਰ ਅਤੁੱਟ ਵਰਤਣਗੇ।

ਬੇਨਤੀ ਕਰਤਾ **ਸੰਤ ਬਾਬਾ ਚਰਨਜੀਤ ਸਿੰਘ ਜੱਸੋਵਾਲ**
ਦਮਦਮੀ ਟਕਸਾਲ ਵਾਲੇ ਅੰਤਰਰਾਸ਼ਟਰੀ ਮੁੱਖ ਬੁਲਾਰਾ ਇੰਟਰਨੈਸ਼ਨਲ ਪੰਥਕ ਦਲ
ਜਾਰੀ ਕਰਤਾ : ਭਾਈ ਜਰਨੈਲ ਸਿੰਘ ਢਿੱਲੋਂ, ਬੀਬੀ ਅਰਸ਼ਪ੍ਰੀਤ ਕੌਰ 84278-66404

ਸੰਪਰਕ ਨੰਬਰ
98141-27470
84278-66404
73408-35137

# ਸਾਂਝਾ ਪੰਜਾਬ

## VEG & NON-VEG INDIAN

WE CATER FOR ★★★★★









SANJHA PUNJAB

VEG & NON-VEG INDIAN

TAKE AWAY MENU

0116 291 1565

075 9999 5787

47 BELGRAVE ROAD
LEICESTER LE4 6AR

visit us : www.sanjhapunjab.co.uk

email: sanjha47@hotmail.com

SANJHA PUNJAB

VEG & NON-VEG INDIAN

0116 291 1565

visit us : www.sanjhapunjab.co.uk

email: sanjha47@hotmail.com

ALLERGY ADVICE !!

Please ask a member of staff if you have any food intolerance or allergies.

ਆਵਾਜ਼ਿ ਕੌਮ AWAZE QAUM
International Newspaper & WEB TV


Singh Sahib Giani Malkit Singh Ji
Head Granthi Sri Akaal Takhat Sahib
Contact No -IND +91 98552 03174
America - +1(856)-473-8596
29 - 31 August
Nanak Naam Jahaaj Gurdwara
1080 Westside Ave , Jersey City , NJ 07306
5&7 Septmber
Mata GUJRI Sikh Society
11 Ellison Dr,cherry Hill,NJ08003
11 September
Guru Nanak Sikh Heritage
29 wyekoff Mills Rd,Monroe ,NJ09931
12-14 September
Philadelphia Sikh Society
6706 Garden CT Rd, Millbourne, PA19082
21 September
Garden state Sikh Association
977 Washington Vally Rd ,Basking Ridge,NJ07920
26-28 September
Guru Nanak Mission Gurdwara
138 Bauer Dr, Oakland,NJ08436
For More Information
Contact-Bhai Karamjit Singh Ji Shant
(201)694-1007
ਆਵਾਜ਼ਿ ਕੌਮ
AWAZE QAUM
International Newspaper & WEB TV

# ਸ਼ਹੀਦਾਂ ਦੀ ਯਾਦ ਨੂੰ ਸਮਰਪਿਤ ਸ਼ਹੀਦੀ ਸਮਾਗਮ 5 ਅਕਤੂਬਰ ਦਿਨ ਐਤਵਾਰ ਨੂੰ



ਸ਼ਹੀਦ ਭਾਈ ਤਲਵਿੰਦਰ ਸਿੰਘ ਬੱਬਰ



ਸ਼ਹੀਦ ਭਾਈ ਹਰਦੀਪ ਸਿੰਘ ਨਿੱਝਰ (ਕੈਨੇਡਾ)



ਸ਼ਹੀਦ ਭਾਈ ਅਵਤਾਰ ਸਿੰਘ ਖੰਡਾ (ਇੰਗਲੈਂਡ)



ਜਲਾਵਤਨੀ ਸਵ. ਭਾਈ ਗਜਿੰਦਰ ਸਿੰਘ ਦਲ ਖ਼ਾਲਸਾ

ਸ਼ਹੀਦ ਭਾਈ ਜੱਥੇਦਾਰ ਤਲਵਿੰਦਰ ਸਿੰਘ ਬੱਬਰ, ਭਾਈ ਗਜਿੰਦਰ ਸਿੰਘ ਦਲ ਖ਼ਾਲਸਾ, ਹਰਦੀਪ ਸਿੰਘ ਨਿੱਜਰ, ਅਵਤਾਰ ਸਿੰਘ ਖੰਡਾ , ਭਾਈ ਹਰਬੰਸ ਸਿੰਘ ਜੋਸ਼ ਜੀ ਅਤੇ ਸਮੂਹ ਕੌਮੀ ਯੋਧਿਆਂ ਅਤੇ ਸ਼ਹੀਦਾਂ ਦੀ ਯਾਦ ਨੂੰ ਸਮੱਰਪਿਤ ਸ਼ਹੀਦੀ ਸਮਾਗਮ 5 ਅਕਤੂਬਰ ਦਿਨ ਐਤਵਾਰ ਨੂੰ ਗੁਰੂ ਨਾਨਕ ਗੁਰਦੁਆਰਾ ਸਾਹਿਬ ਸਮੈਦਿਕ ਵਿਖੇ ਹੋਵੇਗਾ।

## 5 ਅਕਤੂਬਰ ਨੂੰ

ਦੁਪਿਹਰ ਇਕ ਵਜੇ ਤੋਂ 3 ਵਜੇ ਤੱਕ ਪੰਥ ਦੇ ਮਹਾਨ ਰਾਗੀ ਤੇ ਢਾਡੀ ਜੱਥਿਆਂ, ਢਾਡੀ ਜਥਾ ਜੱਥੇਦਾਰ ਹਰਮੇਲ ਸਿੰਘ ਦਿਲਬਰ, ਭਾਈ ਗੁਰਬਚਨ ਸਿੰਘ ਅਣਖੀ, ਭਾਈ ਇਕਬਾਲ ਸਿੰਘ ਜੀ ਦੇ ਜੱਥੇ ਵੱਲੋਂ ਆਪ ਜੀ ਨੂੰ ਕੀਰਤਨ ਅਤੇ ਢਾਡੀ ਵਾਰਾਂ ਨਾਲ ਨਿਹਾਲ ਕੀਤਾ ਜਾਵੇਗਾ।

**ਪੰਥਕ ਬੁਲਾਰੇ ਆਪ ਜੀ ਨੂੰ ਮਹਾਨ ਸ਼ਹੀਦਾਂ ਦੀ ਜੀਵਨੀ ਤੋਂ ਜਾਣੂ ਕਰਵਾਉਣਗੇ।**



ਸਵ. ਭਾਈ ਹਰਬੰਸ ਸਿੰਘ ਜੋਸ਼ ਢਾਡੀ

**ਜੱਥੇਦਾਰ ਹਰਮੇਲ ਸਿੰਘ ਦਿਲਬਰ ਅਤੇ ਦਲ ਖ਼ਾਲਸਾ ਵੱਲੋਂ ਬੇਨਤੀ ਹੈ ਕਿ ਪਰਿਵਾਰ ਸਮੇਤ ਸਮੂਹ ਸ਼ਹੀਦਾਂ ਨੂੰ ਸ਼ਰਧਾਂਜਲੀ ਭੇਂਟ ਕਰਨ ਲਈ ਜਰੂਰ ਪਹੁੰਚੋ ਜੀ।**

--✶ ਜਾਰੀ ਕਰਤਾ ✶--

## ਭਾਈ ਹਰਮੇਲ ਸਿੰਘ ਦਿਲਬਰ
## ਇੰਗਲੈਂਡ

ਆਵਾਜ਼ਿ ਕੌਮ AWAZE QAUM International Newspaper & WEB TV

### ਹਲਕਾ ਧੂਰੀ ਦੇ ਪਿੰਡ ਬਾਲੀਆਂ ਅਤੇ ਮੂਲੋਵਾਲ ਵਿੱਚ

# ਜਲ ਸਪਲਾਈ ਸਕੀਮਾਂ ਦੇ ਕੰਮ ਦੀ ਸ਼ੁਰੂਆਤ




**ਬਾਲੀਆਂ/ਮੂਲੋਵਾਲ ਧੂਰੀ( ਰਣਜੀਤ ਸਿੰਘ ਪੇਧਨੀ )**- ਪੰਜਾਬ ਸਰਕਾਰ ਵੱਲੋਂ ਹਰੇਕ ਸੂਬਾ ਵਾਸੀ ਨੂੰ ਸ਼ੁੱਧ ਅਤੇ ਸਾਫ਼ ਪੀਣ ਵਾਲਾ ਪਾਣੀ ਮੁਹਈਆ ਕਰਵਾਉਣ ਲਈ ਸ਼ੁਰੂ ਕੀਤੇ ਗਏ ਉਪਰਾਲੇ ਤਹਿਤ ਅੱਜ ਵਿਧਾਨ ਸਭਾ ਹਲਕਾ ਧੂਰੀ ਦੇ ਪਿੰਡ ਬਾਲੀਆਂ ਅਤੇ ਮੂਲੋਵਾਲ ਵਿੱਚ ਨਵੀਆਂ ਜਲ ਸਪਲਾਈ ਸਕੀਮਾਂ ਦੇ ਕੰਮ ਦੀ ਸ਼ੁਰੂਆਤ ਕੀਤੀ ਗਈ। ਦੋਵੇਂ ਕੰਮਾਂ ਦੀ ਸ਼ੁਰੂਆਤ ਮੁੱਖ ਮੰਤਰੀ ਦੇ ਓ ਐੱਸ ਡੀ ਸੁਖਵੀਰ ਸਿੰਘ ਅਤੇ ਪੰਜਾਬ ਲਘੂ ਉਦਯੋਗ ਅਤੇ ਨਿਰਯਾਤ ਨਿਗਮ ਦੇ ਚੇਅਰਮੈਨ ਦਲਵੀਰ ਸਿੰਘ ਢਿੱਲੋਂ ਨੇ ਕਰਵਾਈ। ਇਹਨਾਂ ਦੋਵੇਂ ਪ੍ਰੋਜੈਕਟਾਂ ਉੱਤੇ 3.69 ਕਰੋੜ ਰੁਪਏ ਦੀ ਲਾਗਤ ਆਵੇਗੀ।

ਆਵਾਜ਼ਿ ਕੌਮ AWAZE QAUM International Newspaper & WEB TV

**ਮੁੱਖ ਮੰਤਰੀ ਦੇ ਓ ਐੱਸ ਡੀ ਸੁਖਵੀਰ ਸਿੰਘ ਅਤੇ ਚੇਅਰਮੈਨ ਦਲਵੀਰ ਸਿੰਘ ਢਿੱਲੋਂ ਨੇ ਕਰਵਾਇਆ ਕੰਮ ਸ਼ੁਰੂ**

ਇਸ ਮੌਕੇ ਗੱਲਬਾਤ ਕਰਦਿਆਂ ਸੁਖਵੀਰ ਸਿੰਘ ਅਤੇ ਦਲਵੀਰ ਸਿੰਘ ਢਿੱਲੋਂ ਨੇ ਦੱਸਿਆ ਕਿ ਭਾਵੇਂਕਿ ਇਹਨਾਂ ਦੋਵਾਂ ਪਿੰਡਾਂ ਵਿੱਚ ਸ਼ੁੱਧ ਪੀਣ ਵਾਲੇ ਪਾਣੀ ਦੀ ਸਹੂਲਤ ਤਾਂ ਪਹਿਲਾਂ ਹੀ ਸੀ ਪਰ ਹੁਣ ਇਹਨਾਂ ਦਾ ਦਾਇਰਾ ਹੋਰ ਵਧਾਉਣ ਦੇ ਨਾਲ ਨਾਲ ਵਿਕਸਤ ਕੀਤਾ ਜਾ ਰਿਹਾ ਹੈ। ਜਿਸ ਉਪਰੰਤ ਦੋਵੇਂ ਪਿੰਡਾਂ ਦੇ 1350 ਤੋਂ ਵਧੇਰੇ ਘਰਾਂ ਨੂੰ ਨਵੇਂ ਪਾਣੀ ਦੇ ਕੁਨੈਕਸ਼ਨ ਦਿੱਤੇ ਜਾਣਗੇ। ਜਿਸ ਨਾਲ ਇਹਨਾਂ ਪਿੰਡਾਂ ਵਿੱਚ ਪਹਿਲਾਂ ਤੋਂ ਮੌਜੂਦ ਜਲ ਸਪਲਾਈ ਸਕੀਮਾਂ ਉੱਤੋਂ ਵਾਧੂ ਭਾਰ ਘਟੇਗਾ ਅਤੇ ਲੋਕਾਂ ਨੂੰ ਬਿਨਾ ਕਿਸੇ ਸਮੱਸਿਆ ਅਤੇ ਰੁਕਾਵਟ ਦੇ ਪਾਣੀ ਮਿਲਣ ਲੱਗੇਗਾ। ਉਹਨਾਂ ਕਿਹਾ ਕਿ ਪਿੰਡ ਬਾਲੀਆਂ ਵਿੱਚ 2.17 ਕਰੋੜ ਰੁਪਏ ਦੀ ਲਾਗਤ ਨਾਲ 11 ਕਿਲੋਮੀਟਰ ਲੰਮੀ ਪਾਈਪਲਾਈਨ ਪਾਈ ਜਾ ਰਹੀ ਹੈ ਅਤੇ 200 ਮੀਟਰ 2 ਡੂੰਘੇ ਟਿਊਬਵੈੱਲ ਲਗਾਏ ਜਾ ਰਹੇ ਹਨ। ਇਸੇ ਤਰ੍ਹਾਂ ਪਿੰਡ ਮੂਲੋਵਾਲ ਵਿੱਚ ਵੀ 1.52 ਕਰੋੜ ਰੁਪਏ ਦੀ ਲਾਗਤ ਨਾਲ 11 ਕਿਲੋਮੀਟਰ ਲੰਮੀ ਪਾਈਪਲਾਈਨ ਪਾਈ ਜਾ ਰਹੀ ਹੈ ਅਤੇ 150 ਮੀਟਰ ਡੂੰਘੇ ਟਿਊਬਵੈੱਲ ਲਗਾਏ ਜਾ ਰਹੇ ਹਨ। ਦੋਵੇਂ ਪਿੰਡਾਂ ਵਿੱਚ ਨਵੀਆਂ ਪਾਣੀ ਦੀਆਂ ਟੈਂਕੀਆਂ ਵੀ ਉਸਾਰੀਆਂ ਜਾਣਗੀਆਂ। ਉਹਨਾਂ ਕਿਹਾ ਕਿ ਇਹ ਦੋਵੇਂ ਪ੍ਰੋਜੈਕਟ ਇੱਕ ਸਾਲ ਦੇ ਸਮੇਂ ਵਿੱਚ ਮੁਕੰਮਲ ਕੀਤੇ ਜਾਣਗੇ।

ਇਸ ਮੌਕੇ ਦੋਵੇਂ ਸਖਸ਼ੀਅਤਾਂ ਨੇ ਕਿਹਾ ਕਿ ਮੁੱਖ ਮੰਤਰੀ ਸ੍ਰ ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਪੰਜਾਬ ਸਰਕਾਰ ਸੂਬੇ ਦੇ ਲੋਕਾਂ ਨੂੰ ਚੰਗੀ ਸਿੱਖਿਆ, ਵਧੀਆ ਸਿਹਤ ਸਹੂਲਤਾਂ ਅਤੇ ਮਜ਼ਬੂਤ ਬੁਨਿਆਦੀ ਢਾਂਚਾ ਮੁਹਈਆ ਕਰਵਾਉਣ ਲਈ ਦ੍ਰਿੜ ਵਚਨਬੱਧ ਹੈ। ਜਿੱਥੇ ਲੋਕਾਂ ਨੂੰ ਪ੍ਰਸ਼ਾਸ਼ਕੀ ਸੇਵਾਵਾਂ ਉਹਨਾਂ ਦੇ ਦਰਾਂ ਉੱਤੇ ਦਿੱਤੀਆਂ ਜਾ ਰਹੀਆਂ ਹਨ ਉੱਥੇ ਹੀ ਹਰ ਤਰ੍ਹਾਂ ਦੀਆਂ ਬੁਨਿਆਦੀ ਸਹੂਲਤਾਂ ਵੀ ਉਹਨਾਂ ਦੇ ਇਲਾਕਿਆਂ ਵਿੱਚ ਦਿੱਤੀਆਂ ਜਾ ਰਹੀਆਂ ਹਨ।

### ਕੈਬਨਿਟ ਮੰਤਰੀ ਬਰਿੰਦਰ ਕੁਮਾਰ ਗੋਇਲ ਨੇ

# ਲਹਿਰਾਗਾਗਾ ਵਿਖੇ ਨਗਰ ਕੌਂਸਲ ਦੀ ਨਵੀਂ ਇਮਾਰਤ ਦਾ ਨੀਂਹ ਪੱਥਰ ਰੱਖਿਆ

**ਲਹਿਰਾਗਾਗਾ, 21 ਸਤੰਬਰ (ਆਵਾਜ਼ਿ ਕੌਮ ਬਿਊਰੋ)**-ਨਗਰ ਨਿਵਾਸੀਆਂ ਨੂੰ ਬਿਹਤਰ ਸਹੂਲਤਾਂ ਮੁਹੱਈਆ ਕਰਵਾਉਣ ਵੱਲ ਇਕ ਮਹੱਤਵਪੂਰਨ ਕਦਮ ਚੁੱਕਦਿਆਂ ਕੈਬਨਿਟ ਮੰਤਰੀ ਬਰਿੰਦਰ ਕੁਮਾਰ ਗੋਇਲ ਨੇ ਅੱਜ ਲਹਿਰਾਗਾਗਾ ਵਿੱਚ ਨਗਰ ਕੌਂਸਲ ਦੀ ਨਵੀਂ ਇਮਾਰਤ ਦਾ ਨੀਂਹ ਪੱਥਰ ਰੱਖਿਆ। ਇਹ ਨਵੀਂ ਇਮਾਰਤ ਪੁਰਾਣੇ ਦਫ਼ਤਰ ਵਾਲੀ ਥਾਂ 'ਤੇ ਹੀ ਤਿਆਰ ਕੀਤੀ ਜਾਵੇਗੀ, ਜੋ ਕਾਫੀ ਸਮੇਂ ਤੋਂ ਸ਼ਹਿਰ ਦੀਆਂ ਵਧਦੀਆਂ ਲੋੜਾਂ ਨੂੰ ਪੂਰਾ ਕਰਨ ਯੋਗ ਨਹੀਂ ਸੀ।




ਇਸ ਮੌਕੇ ਕੈਬਨਿਟ ਮੰਤਰੀ ਨੇ ਕਿਹਾ ਕਿ ਇਹ ਨਵਾਂ ਦਫ਼ਤਰ, ਜਿਸ ਉੱਤੇ ਲਗਭਗ 46 ਲੱਖ ਰੁਪਏ ਦੀ ਲਾਗਤ ਆਏਗੀ, ਵਿੱਚ ਆਧੁਨਿਕ ਸਹੂਲਤਾਂ ਹੋਣਗੀਆਂ ਤੇ ਇਹ ਪ੍ਰਾਜੈਕਟ ਬਹੁਤ ਜਲਦ ਮੁਕੰਮਲ ਹੋ ਜਾਵੇਗਾ, ਜਿਸ ਤੋਂ ਬਾਅਦ ਨਗਰ ਨਿਵਾਸੀਆਂ ਨੂੰ ਸਾਰੀਆਂ ਸਹੂਲਤਾਂ ਇੱਕ ਹੀ ਛੱਤ ਹੇਠ ਤੇਜ਼ ਤੇ ਪਾਰਦਰਸ਼ੀ ਤਰੀਕੇ ਨਾਲ ਮਿਲਣਗੀਆਂ।

ਇਸ ਮੌਕੇ ਕੈਬਨਿਟ ਮੰਤਰੀ ਨੇ ਦੱਸਿਆ ਕਿ ਪੰਜਾਬ ਸਰਕਾਰ ਨੇ ਲੋਕਾਂ ਦੀ ਚਿਰੋਕਣੀ ਮੰਗ ਪੂਰੀ ਕਰਦਿਆਂ ਕਰੀਬ 15 ਕਰੋੜ ਰੁਪਏ ਦੀ ਲਾਗਤ ਨਾਲ ਸ਼ਹਿਰ ਵਿੱਚੋਂ ਲੰਘਦੀ ਡਿਚ ਡਰੇਨ ਨੂੰ ਕਵਰ ਕੀਤਾ ਹੈ, ਜਿਸ ਨਾਲ ਸ਼ਹਿਰ ਵਾਸੀਆਂ ਬਹੁਤ ਵੱਡੀ ਰਾਹਤ ਮਿਲੀ ਹੈ। ਇਸ ਤੋਂ ਇਲਾਵਾ ਸ਼ਹਿਰ ਵਾਸੀਆਂ ਦੀ ਮੰਗ ਦੇ ਮੱਦੇਨਜ਼ਰ ਕਰੀਬ 08 ਕਰੋੜ ਰੁਪਏ ਦੀ ਲਾਗਤ ਨਾਲ ਸ਼ਹਿਰ ਦੀਆਂ ਨਾਲੀਆਂ ਨੂੰ ਕਵਰ ਕਰਨ ਦਾ ਪ੍ਰੋਜੈਕਟ ਬਹੁਤ ਜਲਦ ਸ਼ੁਰੂ ਕੀਤਾ ਜਾਵੇਗਾ, ਜਿਸ ਨਾਲ ਸ਼ਹਿਰ ਵਾਸੀਆਂ ਨੂੰ ਬਹੁਤ ਮੁਸ਼ਕਲਾਂ ਤੋਂ ਰਾਹਤ ਮਿਲੇਗੀ।

ਆਵਾਜ਼ਿ ਕੌਮ AWAZE QAUM International Newspaper & WEB TV

ਸ਼੍ਰੀ ਗੋਇਲ ਨੇ ਕਿਹਾ ਕਿ ਪੰਜਾਬ ਸਰਕਾਰ ਸ਼ਹਿਰੀ ਪ੍ਰਸ਼ਾਸਨ ਨੂੰ ਮਜ਼ਬੂਤ ਕਰਨ ਅਤੇ ਲੋਕ-ਹਿਤੈਸ਼ੀ ਢਾਂਚਾ ਮੁਹੱਈਆ ਕਰਵਾਉਣ ਵਾਸਤੇ ਵਚਨਬੱਧ ਹੈ। ਉਨ੍ਹਾਂ ਨੇ ਦੱਸਿਆ ਕਿ ਇਹ ਨਵੀਂ ਇਮਾਰਤ ਨਗਰ ਕੌਂਸਲ ਦੇ ਕਰਮਚਾਰੀਆਂ ਲਈ ਕੰਮ ਕਰਨ ਦੀਆਂ ਸਹੂਲਤਾਂ ਬਿਹਤਰ ਕਰੇਗੀ ਅਤੇ ਸ਼ਹਿਰ ਨਿਵਾਸੀਆਂ ਨੂੰ ਸਮੇਂ ਸਿਰ ਤੇ ਸੁਖਦਾਈ ਵਾਤਾਵਰਣ ਵਿੱਚ ਸੇਵਾਵਾਂ ਪ੍ਰਾਪਤ ਕਰਨ ਯੋਗ ਬਣਾਵੇਗੀ।

ਇਸ ਮੌਕੇ ਨਗਰ ਕੌਂਸਲ ਤੇ ਸ਼ਹਿਰ ਵਾਸੀਆਂ ਵੱਲੋਂ ਕੈਬਨਿਟ ਮੰਤਰੀ ਦਾ ਸਨਮਾਨ ਕੀਤਾ ਗਿਆ ਅਤੇ ਕੈਬਨਿਟ ਮੰਤਰੀ ਵੱਲੋਂ ਚੰਗੀ ਕਾਰਗੁਜ਼ਾਰੀ ਵਾਲੇ ਨਗਰ ਕੌਂਸਲ ਦੇ ਅਧਿਕਾਰੀ ਵੀ ਸਨਮਾਨਤ ਕੀਤੇ ਗਏ।

ਇਸ ਮੌਕੇ ਮੀਡੀਆ ਵੱਲੋਂ ਸ਼ਹਿਰ ਵਿੱਚ ਪਾਣੀ ਦੀ ਦਿੱਕਤ ਸਬੰਧੀ ਪੁੱਛੇ ਸਵਾਲ ਦੇ ਜਵਾਬ ਵਿੱਚ ਕੈਬਨਿਟ ਮੰਤਰੀ ਨੇ ਕਿਹਾ ਕਿ ਮੇਨ ਲਾਈਨ ਤੋਂ ਘਰਾਂ ਵਿੱਚ ਜਾਂਦੇ ਕੁਨੈਕਸ਼ਨ ਪਾਈਪ ਖਰਾਬ ਹੋਣ ਕਰ ਕੇ ਉਹਨਾਂ ਵਿੱਚ ਗੰਦਾ ਪਾਣੀ ਰਲਣ ਦਾ ਖਦਸ਼ਾ ਸੀ, ਜਿਸ ਕਰ ਕੇ ਕੁਝ ਕੁਨੈਕਸ਼ਨ ਕੱਟੇ ਗਏ ਹਨ। ਉਹਨਾਂ ਕਿਹਾ ਕਿ ਲੋਕ ਆਪਣੇ ਘਰਾਂ ਅੰਦਰਲੇ ਕੁਨੈਕਸ਼ਨ ਪਾਈਪ ਜ਼ਰੂਰ ਚੈੱਕ ਕਰਵਾਉਣ, ਪਾਈਪ ਪੁਰਾਣੇ ਹੋਣ ਨਾਲ ਖ਼ਰਾਬ ਹੋ ਜਾਂਦੇ ਹਨ, ਜਿਸ ਕਰ ਕੇ ਪਾਣੀ ਸਬੰਧੀ ਦਿੱਕਤ ਆਉਂਦੀ ਹੈ।

ਸ਼੍ਰੀ ਗੋਇਲ ਨੇ ਐਮ.ਸੀ. ਸਾਹਿਬਾਨ ਨੂੰ ਹਦਾਇਤ ਕੀਤੀ ਕਿ ਉਹ ਨਗਰ ਕੌਂਸਲ ਦੇ ਅਧਿਕਾਰੀਆਂ ਨੂੰ ਨਾਲ ਲੈਕੇ ਆਪਣੇ ਆਪਣੇ ਵਾਰਡ ਦਾ ਦੌਰਾ ਕਰਨ ਤੇ ਜਿਹੜੀ ਵੀ ਮੁਸ਼ਕਲ ਦਰਪੇਸ਼ ਹੈ, ਉਹ ਹੱਲ ਕਰਵਾਉਣ।

ਇਸ ਸਮਾਗਮ ਤੋਂ ਪਹਿਲਾਂ ਕੈਬਨਿਟ ਮੰਤਰੀ ਨੇ ਘੱਗਰ ਦੀ ਮਾਰ ਤੋਂ ਬਚਾਅ ਦੇ ਸ਼ੁਕਰਾਨੇ ਵਜੋਂ ਪਿੰਡ ਕੁਦਨੀ, ਭੂੰਦੜ ਭੈਣੀ, ਸੁਰਜਣ ਭੈਣੀ ਸਮੇਤ ਵੱਖ-ਵੱਖ ਪਿੰਡਾਂ ਵਿਖੇ ਰਖਵਾਏ ਸ੍ਰੀ ਅਖੰਡ ਪਾਠ ਸਾਹਿਬ ਦੇ ਭੋਗ ਸਮਾਗਮਾਂ ਵਿੱਚ ਵੀ ਹਾਜ਼ਰੀ ਲਗਵਾਈ। ਜਿਸ ਬਾਰੇ ਕੈਬਨਿਟ ਮੰਤਰੀ ਨੇ ਕਿਹਾ ਕਿ ਅਕਾਲ ਪੁਰਖ ਦੀ ਮਿਹਰ, ਲੋਕਾਂ ਦੇ ਸਹਿਯੋਗ ਅਤੇ ਪੰਜਾਬ ਸਰਕਾਰ ਵੱਲੋਂ ਘੱਗਰ ਦਰਿਆ ਦੇ ਮਜ਼ਬੂਤ ਕੀਤੇ ਬੰਨ੍ਹਾਂ ਸਦਕਾ ਘੱਗਰ ਨਹੀਂ ਟੁੱਟਿਆ। ਉਹਨਾਂ ਕਿਹਾ ਪੰਜਾਬ ਸਰਕਾਰ ਸੂਬੇ ਹੜ੍ਹ ਪੀੜਤਾਂ ਦੀ ਜ਼ਿੰਦਗੀ ਮੁੜ ਲੀਹ ਉੱਤੇ ਲੈ ਕੇ ਆਉਣ ਲਈ ਦਿਨ-ਰਾਤ ਇੱਕ ਕਰ ਕੇ ਕੰਮ ਕਰ ਰਹੀ ਹੈ ਤੇ ਇਸ ਸਬੰਧੀ ਕਿਸੇ ਕਿਸਮ ਦੀ ਕਸਰ ਬਾਕੀ ਨਹੀਂ ਛੱਡੀ ਜਾਵੇਗੀ। ਹੜ੍ਹ ਪ੍ਰਭਾਵਿਤ ਲੋਕਾਂ ਨੂੰ ਕੀਤੇ ਐਲਾਨ ਮੁਤਾਬਕ ਮੁਆਵਜ਼ਾ ਮਿਲੇਗਾ। ਪੰਜਾਬ ਸਰਕਾਰ ਹਰ ਹਾਲ ਹੜ੍ਹ ਪ੍ਰਭਾਵਿਤ ਲੋਕਾਂ ਦੇ ਨਾਲ ਖੜ੍ਹੀ ਹੈ।

ਨੀਂਹ ਪੱਥਰ ਰੱਖਣ ਦੇ ਸਮਾਗਮ ਦੌਰਾਨ ਨਗਰ ਕੌਂਸਲ ਪ੍ਰਧਾਨ ਕਾਂਤਾ ਗੋਇਲ, ਐਮ.ਸੀ. ਸਾਹਿਬਾਨ, ਸਥਾਨਕ ਆਗੂ, ਨਗਰ ਕੌਂਸਲ ਦੇ ਅਧਿਕਾਰੀ ਅਤੇ ਵੱਡੀ ਗਿਣਤੀ ਵਿੱਚ ਸ਼ਹਿਰ ਨਿਵਾਸੀ ਹਾਜ਼ਰ ਸਨ।

# ਭਾਈ ਤੇਜਿੰਦਰਪਾਲ ਸਿੰਘ ਟਿਮਾ ਦੀ ਜਮਾਨਤ, ਸਿੱਖ ਜੱਥੇਬੰਦੀਆਂ ਵੱਲੋਂ ਫੁੱਲਾਂ ਦੀ ਬਰਖਾ ਨਾਲ ਸਵਾਗਤ




**ਸ਼੍ਰੀ ਗੰਗਾ ਨਗਰ, ਹਨੂਮਾਨਗੜ੍ਹ, 21 ਸਤੰਬਰ (ਆਵਾਜ਼ਿ ਕੌਮ ਬਿਊਰੋ)**-ਸਿੱਖ ਸੰਘਰਸ਼ਾਂ ਦੇ ਅਗੂ ਭਾਈ ਤੇਜਿੰਦਰਪਾਲ ਸਿੰਘ ਟਿਮਾ ਨੂੰ ਅਦਾਲਤ ਵੱਲੋਂ ਜਮਾਨਤ ਮਿਲ ਗਈ ਹੈ। ਜਮਾਨਤ ਮੰਜ਼ੂਰ ਹੋਣ ਤੋਂ ਬਾਅਦ ਜਦੋਂ ਭਾਈ ਟਿਮਾ ਬਾਹਰ ਆਏ ਤਾਂ ਸਿੱਖ ਜੱਥੇਬੰਦੀਆਂ ਵੱਲੋਂ ਜੈਕਾਰੇ ਦੀ ਗੂੰਜ ਅਤੇ ਫੁੱਲਾਂ ਦੀ ਬਰਖਾ ਨਾਲ ਉਨ੍ਹਾਂ ਦਾ ਗਰਮਜੋਸ਼ੀ ਨਾਲ ਸਵਾਗਤ ਕੀਤਾ ਗਿਆ। ਇਹ ਮਾਮਲਾ ਹਨੂਮਾਨਗੜ੍ਹ ਦੇ ਗੁਰਦੁਆਰਾ ਮਹਿਤਾਬਗੜ੍ਹ ਸਾਹਿਬ ਗੋਲੂਵਾਲਾ ਵਿੱਚ ਵਾਪਰੇ ਹਮਲੇ ਨਾਲ ਜੁੜਿਆ ਹੈ। ਇਸੇ ਕੇਸ ਵਿੱਚ ਗੰਗਾ ਨਗਰ ਪੁਲਿਸ ਨੇ ਭਾਈ ਟਿਮਾ ਨੂੰ ਗ੍ਰਿਫ਼ਤਾਰ ਕੀਤਾ ਸੀ। ਅਦਾਲਤ ਵਿੱਚ ਐਡਵੋਕੇਟ ਪਵਨਦੀਪ ਸਿੰਘ ਭਾਟੀਆ ਅਤੇ ਐਡਵੋਕੇਟ ਜੋਲੀ ਭਾਟੀਆ ਨੇ ਤਰਕਾਂ ਨਾਲ ਸਾਫ ਕਰ ਦਿੱਤਾ ਕਿ ਭਾਈ ਟਿਮਾ ਬੇਗੁਨਾਹ ਹਨ। ਮਾਨਯੋਗ ਅਦਾਲਤ ਨੇ ਦਲੀਲਾਂ ਨੂੰ ਸਵੀਕਾਰ ਕਰਦੇ ਹੋਏ ਜਮਾਨਤ ਮੰਜ਼ੂਰ ਕਰ ਲਈ। ਸਵਾਗਤ ਮੌਕੇ ਭਾਈ ਟਿਮਾ ਨੇ ਕਿਹਾ ਕਿ ਇਹ ਸੰਘਰਸ਼ ਕੌਮੀ ਸਵੈਮਾਨ ਲਈ ਹੈ ਅਤੇ ਇਹ ਲੜਾਈ ਅੱਗੇ ਵੀ ਪੂਰੀ ਤਾਕਤ ਨਾਲ ਜਾਰੀ ਰਹੇਗੀ।

ਆਵਾਜ਼ਿ ਕੌਮ AWAZE QAUM International Newspaper & WEB TV

# ਅਕਾਸ਼ ਰੇਡੀਓ ਨੂੰ ਵੈਸਟ ਲੰਡਨ ਵਿੱਚ 412 ਰੇਡੀਓ ਤੇ ਪ੍ਰਸਾਰਣ ਲਈ ਲਾਇਸੈਂਸ ਮਿਲਿਆ

**ਲੰਡਨ, 21 ਸਤੰਬਰ (ਆਵਾਜ਼ਿ ਕੌਮ ਬਿਊਰੋ)**-ਵੈਸਟ ਲੰਡਨ ਦੀ ਪੰਜਾਬੀ ਅਤੇ ਸਿੱਖ ਕਮਿਊਨਿਟੀ ਲਈ ਖ਼ੁਸ਼ਖਬਰੀ। ਅਕਾਸ਼ ਰੇਡੀਓ ਨੂੰ ਹੁਣ 412 ਰੇਡੀਓ 'ਤੇ ਪ੍ਰਸਾਰਣ ਕਰਨ ਲਈ CDSP ਲਾਇਸੈਂਸ ਮਿਲ ਗਿਆ ਹੈ। ਸ. ਸੁਖਵਿੰਦਰ ਸਿੰਘ ਸੁਖੀ ਦੀ ਅਗਵਾਈ ਹੇਠ ਹੇਜ਼ (Hayes) ਵਿੱਚ ਨਵਾਂ ਸਟੂਡੀਓ ਤਿਆਰ ਕੀਤਾ ਜਾ ਰਿਹਾ ਹੈ ਜੋ ਜਲਦ ਹੀ ਕਮਿਊਨਿਟੀ ਲਈ ਖੋਲ੍ਹ ਦਿੱਤਾ ਜਾਵੇਗਾ। ਪ੍ਰਬੰਧਕਾਂ ਮੁਤਾਬਕ, ਅਕਾਸ਼ ਰੇਡੀਓ ਤਿੰਨ ਭਾਸ਼ਾਵਾਂ ਵਿੱਚ ਸੇਵਾ ਦੇ ਕੇ ਹਰ ਵਰਗ ਦੇ ਲੋਕਾਂ ਤੱਕ ਆਪਣੀ ਪਹੁੰਚ ਬਣਾਏਗਾ। ਯਾਦ ਰਹੇ ਕਿ ਅਕਾਸ਼ ਰੇਡੀਓ ਪਹਿਲਾਂ ਵੀ ਲਗਭਗ ਇਕ ਦਹਾਕੇ ਤੱਕ ਸ. ਸੁਖਵਿੰਦਰ ਸਿੰਘ ਸੁਖੀ ਅਤੇ ਸ. ਗੁਰਮੇਲ ਸਿੰਘ ਸਾਹੋਤਾ ਦੀ ਅਗਵਾਈ ਹੇਠ ਸਕਾਈ (Sky) ਰਾਹੀਂ ਯੂ.ਕੇ. ਅਤੇ ਯੂਰਪ ਦੀ ਪੰਜਾਬੀ ਕਮਿਊਨਿਟੀ ਲਈ ਪ੍ਰਸਾਰਿਤ ਹੋਇਆ ਸੀ। ਇਸ ਸਮੇਂ, ਅਕਾਸ਼ ਰੇਡੀਓ ਲੀਡਜ਼, ਸ. ਗੁਰਮੇਲ ਸਿੰਘ ਸਾਹੋਤਾ ਦੀ ਅਗਵਾਈ ਹੇਠ, ਲੀਡਜ਼ ਵਿੱਚ DAB ਅਤੇ 1323 AM 'ਤੇ ਸਥਾਨਕ ਕਮਿਊਨਿਟੀ ਦੀ ਸੇਵਾ ਕਰ ਰਿਹਾ ਹੈ।

ਆਵਾਜ਼ਿ ਕੌਮ AWAZE QAUM International Newspaper & WEB TV



# ਭਗਵੰਤ ਮਾਨ ਦੀ ਅਗਵਾਈ ਵਾਲੀ ਪੰਜਾਬ ਸਰਕਾਰ ਹੜ੍ਹਾਂ ਨਾਲ ਨਜਿੱਠਣ ਲਈ ਹੋਈ ਫੇਲ੍ਹ ਸਾਬਤ : ਜਥੇਦਾਰ ਹਰਚੰਦ ਸਿੰਘ ਚਕਰ

**ਲੁਧਿਆਣਾ, 21 ਸਤੰਬਰ (ਵਰਿਆਮ ਹਠੂਰ)**-ਇੰਟਰਨੈਸ਼ਨਲ ਪੰਥਕ ਦਲ ਦੇ ਪੰਜਾਬ ਪ੍ਰਧਾਨ ਜਥੇਦਾਰ ਹਰਚੰਦ ਸਿੰਘ ਚਕਰ ਜੋ ਇਸ ਸਮੇਂ ਕਨੇਡਾ ਫੇਰੀ ਤੇ ਹਨ ਉਹਨਾਂ ਨੇ ਫੋਨ ਕਾਲ ਤੇ ਗੱਲਬਾਤ ਕਰਦਿਆਂ ਕਿਹਾ ਕਿ ਆਮ ਆਦਮੀ ਪਾਰਟੀ ਦੀ ਭਗਵੰਤ ਮਾਨ ਦੀ ਅਗਵਾਈ ਵਾਲੀ ਪੰਜਾਬ ਸਰਕਾਰ ਜੋ ਚੋਣਾਂ ਤੋਂ ਪਹਿਲਾਂ ਕਿਸਾਨਾਂ ਨਾਲ ਵੱਡੇ ਵੱਡੇ ਵਾਅਦੇ ਕਰਦੀ ਸੀ ਭਗਵੰਤ ਮਾਨ ਆਪਣੇ ਭਾਸ਼ਨ ਵਿੱਚ ਕਿਹਾ ਕਰਦਾ ਸੀ ਕਿ ਸਾਡੀ ਸਰਕਾਰ ਆਉਣ ਤੇ ਕਿਸਾਨਾਂ ਨੂੰ ਕੁਦਰਤੀ ਆਫਤਾਂ ਆਉਣ ਤੇ ਜੋ ਨੁਕਸਾਨ ਹੋਇਆ ਕਰੇਗਾ ਮੁਰਗੀ ਮਰੀ. ਬੱਕਰੀ ਮਰੀ ਜਾਂ ਝੋਨੇ ਦੀ ਫਸਲ ਖਰਾਬ ਹੋਣ ਤੇ ਦੁਬਾਰਾ ਕੱਦੂ ਕਰਨ ਲਈ ਪੈਸੇ ਵੀ ਸਰਕਾਰ ਵੱਲੋਂ ਬਿਨਾਂ ਗਰਦਾਵਰੀ ਕੀਤੇ ਕਿਸਾਨਾਂ ਦੇ ਖਾਤਿਆਂ ਵਿੱਚ ਆ ਜਾਇਆ ਕਰਨਗੇ ਪ੍ਰੰਤੂ ਸਰਕਾਰ ਬਣਨ ਤੋਂ ਇੱਕ ਸਾਲ ਬਾਅਦ ਹੀ 2023 ਵਿੱਚ ਕੁਦਰਤੀ ਆਫਤ ਹੜ੍ਹ ਆਉਣ ਨਾਲ ਕਿਸਾਨਾਂ ਦਾ ਬਹੁਤ ਨੁਕਸਾਨ ਹੋਇਆ ਅਤੇ 2025 ਵਿੱਚ ਫਿਰ ਕੁਦਰਤੀ ਆਫਤ ਹੜ੍ਹ ਆਉਣ ਨਾਲ ਅੱਧਾ ਪੰਜਾਬ ਪਾਣੀ ਵਿੱਚ ਡੁੱਬ ਗਿਆ ਕਿਸਾਨਾਂ ਦੀ ਪੁੱਤਾਂ ਵਾਂਗ ਪਾਲੀ ਝੋਨੇ ਦੀ ਫਸਲ ਪਾਣੀ ਵਿੱਚ ਡੁੱਬ ਗਈ ਕਿਸਾਨਾਂ ਦੀਆਂ ਜਮੀਨਾਂ. ਘਰ. ਟਰੈਕਟਰ ਅਤੇ ਪਸ਼ੂ ਆਦਿ ਪਾਣੀ ਵਿੱਚ ਰੁੜ੍ਹ ਗਏ ਹਨ ਅਤੇ ਕਈ ਜਗ੍ਹਾ ਜਾਨੀ ਨੁਕਸਾਨ ਵੀ ਹੋਇਆ ਹੈ ਪ੍ਰੰਤੂ ਆਮ ਆਦਮੀ ਪਾਰਟੀ ਦੇ ਕੁੱਝ ਵਿਧਾਇਕਾਂ ਨੂੰ ਛੱਡ ਕੇ ਬਾਕੀ ਕਿਧਰੇ ਨਜ਼ਰ ਨਹੀਂ ਆਏ ਅਤੇ ਨਾ ਹੀ ਸਰਕਾਰ ਵੱਲੋਂ ਕੋਈ ਢੁੱਕਵੇਂ ਪ੍ਰਬੰਧ ਕੀਤੇ ਗਏ ਭਗਵੰਤ ਮਾਨ ਦੀ ਅਗਵਾਈ ਵਾਲੀ ਪੰਜਾਬ ਸਰਕਾਰ ਕੁਦਰਤੀ ਆਫਤਾਂ ਨਾਲ ਨਜਿੱਠਣ ਲਈ ਫੇਲ੍ਹ ਸਾਬਤ ਹੋਈ ਹੈ ਜਥੇਦਾਰ ਹਰਚੰਦ ਸਿੰਘ ਚਕਰ ਨੇ ਅੱਗੇ ਕਿਹਾ ਕਿ ਇਸ ਸਮੇਂ ਸਮਾਜ ਸੇਵੀ ਸੰਸਥਾਵਾਂ. ਕੁੱਝ ਕਲਾਕਾਰ ਅਤੇ ਧਾਰਮਿਕ ਜਥੇਬੰਦੀਆਂ ਵੱਲੋਂ ਹੀ ਆਪਣੇ ਪੱਧਰ ਤੇ ਆਪਣੇ ਕਿਸਾਨ ਭਰਾਵਾਂ ਦੀ ਮਦਦ ਕੀਤੀ ਜਾ ਰਹੀ ਹੈ ਜਿਸ ਤਰ੍ਹਾਂ ਵੀਹਵੀਂ ਸਦੀ ਦੇ ਮਹਾਨ ਸਿੱਖ ਜਰਨੈਲ ਸੰਤ ਬਾਬਾ ਜਰਨੈਲ ਸਿੰਘ ਜੀ ਖਾਲਸਾ ਭਿੰਡਰਾਂਵਾਲਿਆਂ ਦੇ ਭਤੀਜੇ ਇੰਟਰਨੈਸ਼ਨਲ ਪੰਥਕ ਦਲ ਦੇ ਸਰਪ੍ਰਸਤ ਅਤੇ ਸ੍ਰੀ ਅਕਾਲ ਤਖਤ ਸਾਹਿਬ ਜੀ ਦੇ ਸਾਬਕਾ ਜਥੇਦਾਰ ਸਿੰਘ ਸਾਹਿਬ ਗਿਆਨੀ ਜਸਵੀਰ ਸਿੰਘ ਰੋਡੇ ਵੱਲੋਂ ਵੱਖ ਵੱਖ ਪਿੰਡਾਂ ਵਿੱਚ ਮੈਡੀਕਲ ਕੈਂਪ ਅਤੇ ਲੰਗਰ ਲਗਾਏ ਹੋਏ ਹਨ ਅਤੇ ਪਸ਼ੂਆ ਲਈ ਤੂੜੀ ਅਤੇ ਚਾਰੇ ਦਾ ਪ੍ਰਬੰਧ ਕੀਤਾ ਜਾਂਦਾ ਹੈ ਇਸ ਤੋਂ ਇਹ ਸਿੱਧ ਹੋ ਗਿਆ ਕਿ ਸਰਕਾਰਾਂ ਤੋਂ ਨਾ ਝਾਕ ਕਰੋ ਆਪਣੀ ਰਾਖੀ ਆਪ ਕਰੋ।



ਆਵਾਜ਼ਿ ਕੌਮ AWAZE QAUM International Newspaper & WEB TV

ਹਮ ਰਾਖਤ ਪਾਤਿਸ਼ਾਹੀ ਦਾਵਾ ॥ ਜਾਂ ਇਤ ਕੋ ਜਾਂ ਅਗਲੋ ਪਾਵਾ ॥



ਗੁਰੂ ਨਾਨਕ ਦੇਵ ਜੀ ਦੇ ਪ੍ਰਕਾਸ਼ ਗੁਰਪੁਰਬ, ਗੁਰੂ ਤੇਗ ਬਹਾਦਰ ਜੀ ਦੇ 350 ਸਾਲਾ ਸ਼ਹੀਦੀ ਸ਼ਤਾਬਦੀ, ਗੁਰੂ ਗੋਬਿੰਦ ਸਿੰਘ ਸਾਹਿਬ ਜੀ ਦੀ ਗੁਰਤਗੱਦੀ ਦਿਵਸ, ਮਾਤਾ ਸਾਹਿਬ ਕੌਰ ਜੀ ਦਾ ਜਨਮ ਦਿਹਾੜਾ, ਭਾਈ ਮਤੀ ਦਾਸ, ਭਾਈ ਸਤੀ ਰਾਮ, ਭਾਈ ਦਿਆਲ ਦਾਸ, ਭਾਈ ਜੈਤਾ ਅਤੇ ਭਾਈ ਲੱਖੀ ਸ਼ਾਹ ਬਨਜਾਰਾ ਨੂੰ ਸਮਰਪਿਤ



# 29ਵਾਂ ਸਲਾਨਾ ਗੁਰਮਤਿ ਸਮਾਗਮ



ਸੰਤ ਬਾਬਾ ਜਰਨੈਲ ਸਿੰਘ ਜੀ ਖਾਲਸਾ ਭਿੰਡਰਾਂਵਾਲੇ

ਗੁਰਦੁਆਰਾ ਸ਼ਹੀਦਾਂ, ਪਿੰਡ ਜੱਸੋਵਾਲ (ਬੀਹੜਾਂ) ਬੱਬਰਾਂ ਦੇ ਹਾਈ ਕੋਰਟ

20 ਅਕਤੂਬਰ ਦਿਨ ਸੋਮਵਾਰ ਤੋਂ 1 ਨਵੰਬਰ ਦਿਨ ਸ਼ਨੀਵਾਰ ਤੱਕ 13 ਦਿਨ ਸਮਾਗਮ

## ਮਿਤੀ 1 ਨਵੰਬਰ 2025 ਦਿਨ ਸ਼ਨੀਵਾਰ

ਨੂੰ ਸ਼੍ਰੀ ਅਖੰਡ ਪਾਠ ਸਾਹਿਬਾਂ ਜੀ ਦੇ ਭੋਗ ਉਪਰੰਤ ਦੀਵਾਨ ਸਜਣਗੇ ।

ਗੁਰੂ ਦੇ ਲੰਗਰ ਅਤੇ ਚਾਹ-ਪਕੌੜਿਆਂ ਦੇ ਲੰਗਰ ਅਤੁੱਟ ਵਰਤਣਗੇ ।



ਸਿੰਘ ਸਾਹਿਬ ਭਾਈ ਜਸਵੀਰ ਸਿੰਘ ਰੋਡੇ

1 ਨਵੰਬਰ 2025 ਦਿਨ ਸ਼ਨੀਵਾਰ ਨੂੰ

ਲੜੀ ਭੋਗ ਸ਼੍ਰੀ ਅਖੰਡ ਪਾਠ ਸਾਹਿਬ 10-00 ਵਜੇ ਸਵੇਰੇ

ਖੁੱਲ੍ਹੇ ਪੰਡਾਲ ਵਿੱਚ ਸਵੇਰੇ 10-00 ਵਜੇ ਤੋਂ ਸ਼ਾਮ 4-00 ਵਜੇ ਤੱਕ ਦੀਵਾਨ ਸਜਣਗੇ ।



ਸੰਤ ਬਾਬਾ ਚਰਨਜੀਤ ਸਿੰਘ ਜੱਸੋਵਾਲ

ਦਮਦਮੀ ਟਕਸਾਲ

ਮੈਂਬਰ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ

ਮੁੱਖ ਬੁਲਾਰਾ ਅੰਤਰਰਾਸ਼ਟਰੀ ਇੰਟਰਨੈਸ਼ਨਲ ਪੰਥਕ ਦਲ

ਮੋ: 98141-27470, 73408-35137

ਜਾਰੀ ਕਰਤਾ :- ਜਰਨੈਲ ਸਿੰਘ ਢਿੱਲੋਂ, 84278-66404



ਆਵਾਜ਼ਿ ਕੌਮ AWAZE QAUM International Newspaper & WEB TV